

ਪੰਜਾਬ ਸਰਕਾਰ






# ਹਰਪਾਲ ਸਿੰਘ ਚੀਮਾ

## ਵਿੱਤ ਮੰਤਰੀ, ਪੰਜਾਬ

ਵੱਲੋਂ



## ਪੰਜਾਬ ਵਿਧਾਨ ਸਭਾ ਵਿੱਚ

ਸਾਲ ੨੦੨੫-੨੬

ਦਾ ਬਜਟ ਪੇਸ਼ ਕਰਦੇ ਸਮੇਂ ਦਿੱਤਾ ਗਿਆ

## ਭਾਸ਼ਣ





੨੬ ਮਾਰਚ, ੨੦੨੫ ਚੰਡੀਗੜ੍ਹ

# ਬਜਟ 2025-26

## ਹਰਪਾਲ ਸਿੰਘ ਚੀਮਾ

## *ਵਿੱਤ ਮੰਤਰੀ*

## ਦਾ ਭਾਸ਼ਣ

**ਮਾਣਯੋਗ ਸਪੀਕਰ ਸਾਹਿਬ,**

1. ਮੈਂ ਇਸ ਅਜ਼ੀਮ ਸਦਨ ਵਿੱਚ ਬੜੀ ਨਿਮਰਤਾ ਅਤੇ ਵਚਨਬੱਧਤਾ ਦੀ ਡੂੰਘੀ ਭਾਵਨਾ ਨਾਲ, ਆਮ ਆਦਮੀ ਪਾਰਟੀ ਦੀ ਸਰਕਾਰ ਦਾ ਚੌਥਾ ਬਜਟ ਪੇਸ਼ ਕਰਨ ਜਾ ਰਿਹਾ ਹਾਂ। ਮੇਰੇ ਲਈ ਇਹ ਮਾਣ ਦਾ ਪਲ ਹੈ ਕਿ ਇਸ ਮਾਣਮੱਤੇ ਸਦਨ ਦੇ ਸਾਹਮਣੇ ਇੱਕ ਵਾਰ ਫਿਰ ਪਿਛਲੇ ਤਿੰਨ ਸਾਲਾਂ ਵਿਚ ਆਏ ਬਦਲਾਅ ਦੇ ਸਫ਼ਰ ਦੀ ਤਸਵੀਰ ਪੇਸ਼ ਕਰ ਰਿਹਾ ਹਾਂ। ਅਸੀਂ ਹੁਣ ਮਿਲ ਕੇ ਭਵਿੱਖ ਲਈ ਅਜਿਹਾ ਰਾਹ ਤਿਆਰ ਕਰ ਰਹੇ ਹਾਂ ਜੋ ਪੰਜਾਬ ਅਤੇ ਇਸ ਦੇ ਲੋਕਾਂ ਲਈ ਖੁਸ਼ਹਾਲ ਅਤੇ ਸੰਭਾਵਨਾਵਾਂ ਨਾਲ ਭਰਿਆ ਹੋਇਆ ਹੈ।

2. ਸਭ ਤੋਂ ਪਹਿਲਾਂ, ਮੈਂ ਸਾਡੇ ਮਾਣਯੋਗ ਮੁੱਖ ਮੰਤਰੀ, ਸਰਦਾਰ ਭਗਵੰਤ ਸਿੰਘ ਮਾਨ ਜੀ ਦਾ ਤਹਿ ਦਿਲੋਂ ਧੰਨਵਾਦ ਕਰਨਾ ਚਾਹਾਂਗਾ, ਜਿਨ੍ਹਾਂ ਦੀ ਦੂਰਅੰਦੇਸ਼ ਰਹਿਨੁਮਾਈ ਪਿਛਲੇ ਤਿੰਨ ਸਾਲਾਂ ਤੋਂ ਪੰਜਾਬ ਦੀ ਸ਼ਾਨਦਾਰ ਤਰੱਕੀ ਲਈ ਪ੍ਰੇਰਕ ਸ਼ਕਤੀ ਰਹੀ ਹੈ। ਉਨ੍ਹਾਂ ਦੇ ਦ੍ਰਿੜ੍ਹ ਨਿਸ਼ਚੇ ਨੇ ਸਾਡੇ ਲੋਕਾਂ ਦੀ ਭਲਾਈ ਲਈ ਖੁਸ਼ਹਾਲ ਅਤੇ ਤਾਕਤਵਰ ਪੰਜਾਬ ਦੀ ਮਜ਼ਬੂਤ ਬੁਨਿਆਦ ਰੱਖਦੇ ਹੋਏ ਕਈ ਖੇਤਰਾਂ ਵਿੱਚ ਵੱਡੇ ਬਦਲਾਅ ਲਿਆਉਣ ਵਿੱਚ ਸਾਡਾ ਮਾਰਗਦਰਸ਼ਨ ਕੀਤਾ ਹੈ।

3. ਇੱਕ ਸਮਾਂ ਸੀ ਜਦੋਂ ਪੰਜਾਬ ਭਾਰਤ ਦਾ ਸਭ ਤੋਂ ਖੁਸ਼ਹਾਲ ਸੂਬਾ ਸੀ। ਇਤਿਹਾਸਕ ਤੌਰ 'ਤੇ, ਪੰਜਾਬ, ਭਾਰਤ ਦੀਆਂ ਸਭ ਤੋਂ ਮਹੱਤਵਪੂਰਨ ਪ੍ਰਾਪਤੀਆਂ ਦਾ ਕੇਂਦਰ ਰਿਹਾ ਹੈ। ਹਰੀ ਕ੍ਰਾਂਤੀ ਇੱਥੇ

ਹੀ ਆਈ। ਲੁਧਿਆਣਾ ਨੂੰ ਭਾਰਤ ਦਾ ਮਾਨਚੈੱਸਟਰ ਕਿਹਾ ਜਾਂਦਾ ਸੀ ਜੋ ਸਾਈਕਲ ਉਦਯੋਗ ਦਾ ਕੇਂਦਰ ਵੀ ਬਣਿਆ। ਜਲੰਧਰ ਖੇਡਾਂ ਦੇ ਸਮਾਨ ਦੀ ਵਿਸ਼ਵ ਰਾਜਧਾਨੀ ਬਣਿਆ। 1980 ਵਿੱਚ ਪੰਜਾਬ ਦੀ ਪ੍ਰਤੀ ਵਿਅਕਤੀ ਆਮਦਨ ਦੇਸ਼ ਵਿੱਚ ਸਭ ਤੋਂ ਉੱਪਰ ਸੀ।

4. ਪਰ ਪਿਛਲੇ 4 ਦਹਾਕਿਆਂ ਵਿੱਚ ਇਨ੍ਹਾਂ ਸਾਰੀਆਂ ਪਾਰਟੀਆਂ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਲੁੱਟਿਆ ਅਤੇ ਤਬਾਹ ਕਰ ਦਿੱਤਾ ਹੈ। ਅੱਜ, ਪੰਜਾਬ ਪ੍ਰਤੀ ਵਿਅਕਤੀ ਆਮਦਨ ਦੇ ਹਿਸਾਬ ਨਾਲ ਰਾਜਾਂ ਦੀ ਸੂਚੀ ਵਿੱਚ 15ਵੇਂ ਸਥਾਨ 'ਤੇ ਹੈ। ਇਹਨਾਂ ਪਾਰਟੀਆਂ ਨੇ ਪੰਜਾਬ ਲਈ ਜੋ ਇੱਕੋ ਇੱਕ ਵਿਰਾਸਤ ਛੱਡੀ ਸੀ, ਉਹ ਹੈ- 'ਉੱਡਦਾ ਪੰਜਾਬ'।

5. ਸਾਲ 2022 ਵਿੱਚ ਪੰਜਾਬ ਦੇ ਲੋਕਾਂ ਨੇ "ਬਦਲਾਅ" ਨੂੰ ਵੋਟ ਦਿੱਤੀ। ਉਨ੍ਹਾਂ ਨੇ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ 'ਆਪ' ਅਤੇ ਮੁੱਖ ਮੰਤਰੀ ਭਗਵੰਤ ਮਾਨ ਜੀ ਦੇ ਹੱਕ ਵਿੱਚ ਬੇਮਿਸਾਲ ਹੁੰਗਾਰਾ ਭਰਿਆ ਹੈ। ਉਦੋਂ ਤੋਂ, ਸਾਡੀ ਸਰਕਾਰ ਨੇ ਇਸ ਉਮੀਦ ਨੂੰ ਹਕੀਕਤ ਵਿੱਚ ਬਦਲਣ ਲਈ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ।

6. ਸਾਡੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਦਲੇਰ ਅਤੇ ਫੈਸਲਾਕੁਨ ਕਦਮ ਚੁੱਕੇ ਹਨ। ਅਸੀਂ 90% ਪਰਿਵਾਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਪ੍ਰਦਾਨ ਕੀਤੀ ਹੈ, ਜਿਸ ਨਾਲ ਪਰਿਵਾਰਾਂ 'ਤੇ ਆਰਥਿਕ ਬੋਝ ਘਟਿਆ ਹੈ। ਆਮ ਆਦਮੀ ਕਲੀਨਿਕਾਂ ਨੇ ਸਭ ਲਈ ਸਿਹਤ ਸੰਭਾਲ ਸਹੂਲਤਾਂ ਦੀ ਰਸਾਈ ਯਕੀਨੀ ਬਣਾਇਆ ਹੈ ਜਿਸ ਦੇ ਫ਼ਲਸਰੂਪ 3 ਕਰੋੜ ਤੋਂ ਵੱਧ ਲੋਕਾਂ ਨੇ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਦਾ ਲਾਭ ਉਠਾਇਆ ਹੈ। ਭ੍ਰਿਸ਼ਟਾਚਾਰ ਵਿਰੁੱਧ ਸਾਡੀ ਲਗਾਤਾਰ ਲੜਾਈ ਦੇ ਨਤੀਜੇ ਵਜੋਂ 817 ਭ੍ਰਿਸ਼ਟ ਅਧਿਕਾਰੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਸ ਨਾਲ ਸਾਫ ਅਤੇ ਪਾਰਦਰਸ਼ੀ ਸ਼ਾਸਨ ਪ੍ਰਤੀ ਸਾਡੀ ਵਚਨਬੱਧਤਾ ਸਿੱਧ ਹੁੰਦੀ ਹੈ। ਸੁਰੱਖਿਅਤ ਸੜਕਾਂ ਨੂੰ ਯਕੀਨੀ ਬਣਾਉਣ ਲਈ, ਅਸੀਂ ਸੜਕ ਸੁਰੱਖਿਆ ਨੂੰ ਵਧਾਉਣ ਲਈ 144

ਹਾਈ-ਟੈੱਕ ਵਾਹਨਾਂ ਨਾਲ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਕੀਤੀ ਹੈ। ਇਸ ਤੋਂ ਇਲਾਵਾ, 406 ਸਰਕਾਰੀ ਸੇਵਾਵਾਂ ਦੀ ਘਰ-ਘਰ ਡਿਲੀਵਰੀ ਨੇ ਨਾਗਰਿਕਾਂ ਨੂੰ ਸਸ਼ਕਤ ਬਣਾਇਆ ਹੈ ਜਿਸ ਨਾਲ ਪ੍ਰਸ਼ਾਸਨ ਦੀ ਰਸਾਈ ਅਤੇ ਕੁਸ਼ਲਤਾ ਵਧੀ ਹੈ। ਰਾਜ ਭਰ ਵਿੱਚ ਸਿਹਤ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਵਾਲੀ 'ਸੀ.ਐੱਮ. ਦੀ ਯੋਗਸ਼ਾਲਾ' ਪਹਿਲਕਦਮੀ ਦਾ ਲਾਭ 1.5 ਲੱਖ ਲੋਕਾਂ ਨੇ ਉਠਾਇਆ ਹੈ।

7. ਸਮਾਵੇਸ਼ੀ ਵਿਕਾਸ ਲਈ ਸਾਡੀ ਵਚਨਬੱਧਤਾ ਇਸ ਗੱਲ ਤੋਂ ਝਲਕਦੀ ਹੈ ਕਿ ਅਸੀਂ ਸਮਾਜ ਦੇ ਕਮਜ਼ੋਰ ਵਰਗਾਂ ਨੂੰ 16,848 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਹੈ ਅਤੇ ਇਸ ਦੇ ਨਾਲ-ਨਾਲ ਪੰਜਾਬ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਲਈ 96,836 ਕਰੋੜ ਰੁਪਏ ਦੇ ਨਿਵੇਸ਼ਾਂ ਨੂੰ ਸੁਰੱਖਿਅਤ ਕੀਤਾ ਹੈ। ਸਿੱਖਿਆ ਦੇ ਖੇਤਰ ਵਿੱਚ, ਅਸੀਂ 118 ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ ਕੀਤੀ ਹੈ ਅਤੇ ਸਿੰਗਾਪੁਰ ਤੇ ਫਿਨਲੈਂਡ ਵਿੱਚ ਐਡਵਾਂਸ ਅਧਿਆਪਕ ਸਿਖਲਾਈ ਪ੍ਰੋਗਰਾਮਾਂ ਦੀ ਸਹੂਲਤ ਦਿੰਦੇ ਹੋਏ, ਸਾਡੇ ਅਧਿਆਪਕਾਂ ਨੂੰ ਸੰਸਾਰ ਦੀਆਂ ਸਰਵੋਤਮ ਲੀਹਾਂ 'ਤੇ ਤੋਰਿਆ ਹੈ। ਇਸ ਤੋਂ ਇਲਾਵਾ, ਅਸੀਂ ਪੰਜਾਬ ਦੀ ਖੇਤੀ ਆਰਥਿਕਤਾ ਨੂੰ ਮਜ਼ਬੂਤ ਬਣਾਉਣ ਦੇ ਇਰਾਦੇ ਨਾਲ 15,947 ਵਾਟਰ ਚੈਨਲਾਂ ਨੂੰ ਮੁੜ ਸੁਰਜੀਤ ਕੀਤਾ ਹੈ ਤਾਂ ਜੋ ਖੇਤਾਂ ਦੀ ਸਿੰਚਾਈ ਵਾਸਤੇ ਨਹਿਰਾਂ ਦੇ ਆਖਰੀ ਸਿਰਿਆਂ 'ਤੇ ਸਥਿਤ ਖੇਤਾਂ ਦੇ ਕਿਸਾਨਾਂ ਨੂੰ ਫਾਇਦਾ ਮਿਲ ਸਕੇ।

8. ਇਹ ਬਦਲਾਅ ਦੀਆਂ ਪਹਿਲਕਦਮੀਆਂ, ਸਮੂਹਿਕ ਤੌਰ 'ਤੇ, 'ਰੰਗਲਾ ਪੰਜਾਬ' ਬਣਾਉਣ ਲਈ ਸਾਡੀ ਸਰਕਾਰ ਦੇ ਦ੍ਰਿੜ੍ਹ ਇਰਾਦੇ ਨੂੰ ਦਰਸਾਉਂਦੀਆਂ ਹਨ, ਅਜਿਹਾ ਪੰਜਾਬ ਜੋ ਕਿ ਸਭ ਲਈ ਸਮਾਵੇਸ਼ੀ, ਅਗਾਂਹਵਧੂ ਅਤੇ ਸਾਰਿਆਂ ਲਈ ਮੌਕਿਆਂ ਨਾਲ ਭਰਪੂਰ ਹੋਵੇ ਅਤੇ ਮੈਨੂੰ ਇਹ ਗੱਲ ਸਾਂਝੀ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਇਸ ਸਾਲ ਦਾ ਬਜਟ ਅਜਿਹੇ ਸਾਲ ਵਜੋਂ ਯਾਦ ਕੀਤਾ ਜਾਵੇਗਾ ਜਿੱਥੇ ਇਹ ਬਦਲਾਅ ਪੰਜਾਬ ਦੇ ਛੋਟੇ-ਵੱਡੇ ਹਰ ਪਿੰਡ-ਸ਼ਹਿਰ ਨੂੰ ਛੂਹਣ ਜਾ ਰਿਹਾ ਹੈ। ਇਸ ਲਈ ਮੈਂ

ਇਸ ਬਜਟ ਦਾ ਥੀਮ “ਬਦਲਦਾ ਪੰਜਾਬ” ਰੱਖ ਰਿਹਾ ਹਾਂ।

## ਬਜਟ ਵਿੱਤੀ ਸਾਲ 2025-26

ਮਾਣਯੋਗ ਸਪੀਕਰ ਸਾਹਿਬ,

9. ਡਾਇਰੈਕਟੋਰੇਟ ਆੱਫ਼ ਸਟੈਟਿਸਟਿਕਸ ਦੁਆਰਾ ਪ੍ਰਦਾਨ ਕੀਤੇ ਗਏ ਪੂਰਵ ਅਨੁਮਾਨਾਂ ਦੇ ਅਨੁਸਾਰ, ਪੰਜਾਬ ਦੀ ਆਰਥਿਕਤਾ ਮਜ਼ਬੂਤ ਵਿਕਾਸ ਦਰ 'ਤੇ ਹੈ, ਜਿਸ ਵਿੱਚ ਮੌਜੂਦਾ ਸਾਲ ਵਿੱਚ 9% ਦਰ ’ਤੇ ਪ੍ਰਭਾਵਸ਼ਾਲੀ ਵਾਧਾ ਦਰਜ ਕੀਤਾ ਗਿਆ ਹੈ। ਨਤੀਜੇ ਵਜੋਂ, ਰਾਜ ਦਾ ਕੁੱਲ ਰਾਜ ਘਰੇਲੂ ਉਤਪਾਦ (GSDP) ਚਾਲੂ ਕੀਮਤਾਂ ’ਤੇ 8,09,538 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ। ਇਹ ਗਤੀ ਭਵਿੱਖ ਵਿੱਚ ਜਾਰੀ ਰਹਿਣ ਦੀ ਉਮੀਦ ਹੈ। ਵਿੱਤੀ ਸਾਲ 2025-26 ਵਿੱਚ ਚਾਲੂ ਕੀਮਤਾਂ ’ਤੇ GSDP 10% ਵਧਣ ਦਾ ਅਨੁਮਾਨ ਹੈ, ਜੋ 8,91,301 ਕਰੋੜ ਰੁਪਏ ਤੱਕ ਪਹੁੰਚ ਜਾਵੇਗਾ।

10. ਪਹਿਲਾਂ ਆਰਥਿਕ ਪੱਖੋਂ "ਕਮਜ਼ੋਰ ਪੰਜਾਬ" ਸੀ, ਹੁਣ ਅਸੀਂ ਆਰਥਿਕ ਪੱਖੋਂ "ਮਜ਼ਬੂਤ ਪੰਜਾਬ" ਬਣਾ ਰਹੇ ਹਾਂ। ਭਾਵੇਂ ਸਾਨੂੰ ਕਮਜ਼ੋਰ ਵਿੱਤੀ ਸਥਿਤੀ ਵਿਰਾਸਤ ਵਿੱਚ ਮਿਲੀ ਫਿਰ ਵੀ ਅਸੀਂ, ਸਾਡੇ ਪਹਿਲੇ ਬਜਟ ਵਿੱਚ ਕੀਤੇ ਵਾਅਦੇ ਅਨੁਸਾਰ, ਪੰਜਾਬ ਦੀ ਵਿਗੜਦੀ ਵਿੱਤੀ ਹਾਲਤ ਨੂੰ ਖੁਸ਼ਹਾਲ ਕਰਨ ਲਈ ਵਚਨਬੱਧ ਹਾਂ। ਮੈਨੂੰ ਇਸ ਅਜ਼ੀਮ ਸਦਨ ਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਅਸੀਂ ਲਗਾਤਾਰ ਤੀਜੇ ਸਾਲ ਆਪਣੀ ਵਚਨਬੱਧਤਾ ਨੂੰ ਪੂਰਾ ਕਰ ਰਹੇ ਹਾਂ। ਪੰਜਾਬ ਰਾਜ ਨੇ ਆਪਣੇ ਟੈਕਸ ਮਾਲੀਏ ਵਿੱਚ ਮੌਜੂਦਾ ਸਾਲ ਵਿੱਚ ਵੀ ਦੂਹਰੇ ਅੰਕਾਂ ਦੀ ਵਾਧਾ ਦਰ ਦਰਜ ਕੀਤੀ ਹੈ, ਜੋ ਫਰਵਰੀ, 2025 ਤੱਕ 14% ਵਧਿਆ ਹੈ।

11. ਮੈਂ ਵਿੱਤੀ ਸਾਲ 2025-26 ਲਈ ਕੁੱਲ ਬਜਟ ਖਰਚ 2,36,080 ਕਰੋੜ ਰੁਪਏ ਦੀ ਤਜਵੀਜ਼ ਰੱਖਦਾ ਹਾਂ। ਪ੍ਰਭਾਵੀ ਮਾਲੀਆ ਘਾਟਾ ਅਤੇ ਵਿੱਤੀ ਘਾਟਾ ਕ੍ਰਮਵਾਰ 2.51% ਅਤੇ 3.84%

ਹੋਣ ਦੀ ਉਮੀਦ ਹੈ ਜਿਸ ਵਿਚ ਪਿਛਲੇ ਅੰਕੜਿਆਂ ਨਾਲੋਂ ਸੁਧਾਰ ਹੋਇਆ ਹੈ। ਇਹ ਦਰਸਾਉਂਦਾ ਹੈ ਕਿ ਰਾਜ ਵਿੱਤੀ ਇਕਜੁੱਟਤਾ ਦੀ ਰਾਹ ’ਤੇ ਚੱਲ ਰਿਹਾ ਹੈ।

12. ਸਪੀਕਰ ਸਾਹਿਬ, ਮੈਂ ਇਸ ਅਜ਼ੀਮ ਸਦਨ ਸਾਹਮਣੇ ਆਉਣ ਵਾਲੇ ਵਿੱਤੀ ਸਾਲ 2025-26 ਵਿੱਚ ਵੱਖ-ਵੱਖ ਖੇਤਰਾਂ ਵਿੱਚ ਸ਼ੁਰੂ ਕੀਤੇ ਜਾਣ ਵਾਲੇ "ਬਦਲਦੇ ਪੰਜਾਬ” ਦਾ ਰੋਡਮੈਪ ਪੇਸ਼ ਕਰਨਾ ਚਾਹੁੰਦਾ ਹਾਂ।

## ਯੁੱਧ ਨਸ਼ੇ ਦੇ ਵਿਰੁੱਧ

13. ਸਪੀਕਰ ਸਾਹਿਬ, ਅਸੀਂ ਸਾਰੇ ਜਾਣਦੇ ਹਾਂ ਕਿ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸਭ ਤੋਂ ਵੱਡਾ ਖਤਰਾ ਨਸ਼ਿਆਂ ਦੀ ਸਮੱਸਿਆ ਹੈ। ਨੌਜਵਾਨਾਂ ਦੀ ਪੂਰੀ ਪੀੜ੍ਹੀ ਨਸ਼ਿਆਂ ਕਾਰਨ ਅੰਦਰੋਂ ਖੋਖਲੀ ਹੋ ਰਹੀ ਹੈ। ਤਿੰਨ ਸਾਲ ਪਹਿਲਾਂ ਜਦੋਂ ਤੋਂ ਸਾਡੀ ਸਰਕਾਰ ਸੱਤਾ ਵਿੱਚ ਆਈ, ਅਸੀਂ ਸਿਆਸਤਦਾਨਾਂ ਅਤੇ ਡਰੱਗ ਮਾਫੀਆ ਵਿਚਕਾਰ ਗੱਠਜੋੜ ਨੂੰ ਤੋੜ ਦਿੱਤਾ ਹੈ ਜੋ ਪਿਛਲੇ ਦੋ ਦਹਾਕਿਆਂ ਤੋਂ ਸਾਰੀਆਂ ਪਾਰਟੀਆਂ ਦੇ ਰਾਜ ਵਿਚ ਵਧ-ਫੁੱਲ ਰਿਹਾ ਸੀ। ਇਹ ਸਪਸ਼ਟ ਹੈ ਕਿ ਇਸ ਪੈਮਾਨੇ ਦੀ ਸਮੱਸਿਆ ਲਈ ਪੂਰੇ ਸਮਾਜ ਨੂੰ ਇਕਜੁੱਟ ਹੋ ਕੇ ਨਸ਼ਿਆਂ ਵਿਰੁੱਧ ਜੰਗ ਦਾ ਐਲਾਨ ਕਰਨ ਦੀ ਲੋੜ ਹੈ। ਇਸੇ ਲਈ ਸਾਡੀ ਸਰਕਾਰ ਨੇ 1 ਮਾਰਚ 2025 ਤੋਂ "ਯੁੱਧ, ਨਸ਼ੇ ਦੇ ਵਿਰੁੱਧ" ਦੀ ਸ਼ੁਰੂਆਤ ਕੀਤੀ। ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਸਰਕਾਰ ਪੰਜ ਦਰਿਆਵਾਂ ਦੀ ਇਸ ਮਹਾਨ ਧਰਤੀ ਤੋਂ ਇਸ ਸਮੱਸਿਆ ਨੂੰ ਜੜ੍ਹੋਂ ਪੁੱਟਣ ਅਤੇ ਖ਼ਤਮ ਕਰਨ ਦਾ ਇਰਾਦਾ ਰੱਖਦੀ ਹੈ। ਨਤੀਜੇ ਆਪਣੀ ਕਹਾਣੀ ਖੁਦ ਬਿਆਨ ਕਰਦੇ ਹਨ। ਇਸ ਮੁਹਿੰਮ ਦੇ ਸਿਰਫ਼ ਕੁੱਝ ਦਿਨਾਂ ਵਿੱਚ, ਪੰਜਾਬ ਪੁਲਿਸ ਨੇ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟਾਂਸਿਜ਼ (ਐੱਨ.ਡੀ.ਪੀ.ਐੱਸ.) ਐਕਟ ਦੇ ਤਹਿਤ ਕੁੱਲ 2,136 ਐੱਫ.ਆਈ.ਆਰ. ਦਰਜ ਕੀਤੀਆਂ ਹਨ, ਜਿਸ ਤਹਿਤ ਰਾਜ ਭਰ ਵਿੱਚ 3,816 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪਹਿਲਾਂ ਅਕਾਲੀ ਦਲ ਤੇ ਫਿਰ ਕਾਂਗਰਸ

ਦੋਵੇਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਪਾ ਕੇ ਪੰਜਾਬ ਨੂੰ "ਉੱਜੜਦਾ ਪੰਜਾਬ" ਬਣਾ ਰਹੇ ਸੀ, ਪਰ ਅਸੀਂ ਹੁਣ ਨਸ਼ਾ ਤਸਕਰਾਂ ਦਾ ਖਾਤਮਾ ਕਰ ਕੇ ਪੰਜਾਬ ਦੀ ਜਵਾਨੀ ਨੂੰ ਬਚਾ ਕੇ "ਵੱਸਦਾ ਪੰਜਾਬ" ਬਣਾ ਰਹੇ ਹਾਂ। ਮੈਂ ਪੰਜਾਬ ਦੇ ਲੋਕਾਂ ਨਾਲ ਵਾਅਦਾ ਕਰਦਾ ਹਾਂ ਕਿ ਇਹ ਸਿਰਫ਼ ਸ਼ੁਰੂਆਤ ਹੈ। ਅਸੀਂ ਸਮਾਜ ਦੇ ਹਰ ਵਰਗ ਨੂੰ "ਯੁੱਧ ਨਸ਼ੇ ਦੇ ਵਿਰੁੱਧ" ਮੁਹਿੰਮ ਵਿੱਚ ਸ਼ਾਮਲ ਕਰਾਂਗੇ ਅਤੇ ਇਸ ਨੂੰ ਉਦੋਂ ਤੱਕ ਕਾਇਮ ਰੱਖਾਂਗੇ ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦੀ ਸਮੱਸਿਆ ਦਾ ਪੂਰੀ ਤਰ੍ਹਾਂ ਖਾਤਮਾ ਨਹੀਂ ਹੋ ਜਾਂਦਾ।

14. ਸਪੀਕਰ ਸਾਹਿਬ, ਪੰਜਾਬ ਵਿੱਚ ਆਉਣ ਵਾਲੇ ਨਸ਼ੇ ਦਾ ਵੱਡਾ ਹਿੱਸਾ ਸਰਹੱਦ ਪਾਰੋਂ ਆਉਂਦਾ ਹੈ। ਨਸ਼ਿਆਂ ਅਤੇ ਹਥਿਆਰਾਂ ਦੀ ਸਰਹੱਦ ਪਾਰ ਤੋਂ ਹੋਣ ਵਾਲੀ ਤਸਕਰੀ ਨੂੰ ਰੋਕਣਾ ਕੇਂਦਰ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਕਿਉਂਕਿ ਕੌਮਾਂਤਰੀ ਸਰਹੱਦ ਦੇ ਨਾਲ ਲੱਗਦੇ 50 ਕਿਲੋਮੀਟਰ ਦਾ ਇਲਾਕਾ ਬੀਐੱਸਐੱਫ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਫਿਰ ਵੀ, ਕੋਈ ਵੀ ਇਸ ਗੱਲ ਤੋਂ ਇਨਕਾਰ ਨਹੀਂ ਕਰ ਸਕਦਾ ਕਿ ਇਹ ਸਮੱਸਿਆ ਅਜੇ ਵੀ ਮੌਜੂਦ ਹੈ। ਅਸੀਂ ਹੁਣ ਨਸ਼ਿਆਂ ਦੀ ਸਰਹੱਦ ਪਾਰੋਂ ਤਸਕਰੀ ਨੂੰ ਪੂਰੀ ਤਰ੍ਹਾਂ ਰੋਕਣ ਲਈ ਦੋ ਪਹਿਲਕਦਮੀਆਂ ਕਰ ਕੇ ਬੀਐੱਸਐੱਫ ਦੇ ਯਤਨਾਂ ਨੂੰ ਸਹਿਯੋਗੀ ਬਣਾਉਣ ਦਾ ਫੈਸਲਾ ਕੀਤਾ ਹੈ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ, ਪੰਜਾਬ ਸਰਕਾਰ ਬੀਐਸਐੱਫ ਦੇ ਨਾਲ 5,000 ਹੋਮਗਾਰਡ ਤਾਇਨਾਤ ਕਰ ਕੇ ਸਰਹੱਦ 'ਤੇ ਰੱਖਿਆ ਦੀ ਸੁਰੱਖਿਆ ਦੀ ਦੂਜੀ ਲਾਈਨ ਸਥਾਪਤ ਕਰੇਗੀ। ਇਹ ਹੋਮ ਗਾਰਡ ਸਭ ਤੋਂ ਦ੍ਰਿੜ੍ਹ ਪੰਜਾਬੀ ਨੌਜਵਾਨਾਂ ਵਿੱਚੋਂ ਚੁਣੇ ਜਾਣਗੇ, ਜੋ ਪੰਜਾਬ ਦੇ ਭਵਿੱਖ ਦੀ ਰੱਖਿਆ ਕਰਨ ਵਾਲੀਆਂ ਬਾਜ਼ ਅੱਖਾਂ ਵਜੋਂ ਕੰਮ ਕਰਨਗੇ। ਦੂਸਰਾ, ਸਾਡੀ ਸਰਕਾਰ ਸੰਸਾਰ ਦੇ ਅਤਿ-ਆਧੁਨਿਕ ਐਂਟੀ-ਡਰੋਨ ਪ੍ਰਣਾਲੀਆਂ ਨੂੰ ਤਾਇਨਾਤ ਕਰੇਗੀ ਜੋ ਪੰਜਾਬ ਦੇ ਅੰਦਰ ਨਸ਼ਿਆਂ ਅਤੇ ਹਥਿਆਰ ਸੁੱਟਣ ਲਈ ਸਰਹੱਦ 'ਤੇ ਵਰਤੇ ਜਾ ਰਹੇ ਆਧੁਨਿਕ ਡਰੋਨਾਂ ਨੂੰ ਟਰੈਕ ਅਤੇ ਬੇਅਸਰ ਕਰ ਸਕਦੀਆਂ ਹਨ। ਅਸੀਂ

ਪਹਿਲਾਂ ਹੀ ਅਤਿ-ਆਧੁਨਿਕ ਤਕਨੀਕਾਂ ਨੂੰ ਪਾਇਲਟ ਕਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਆਉਣ ਵਾਲੇ ਸਾਲ ਵਿੱਚ ਸਰਹੱਦ ’ਤੇ ਐਂਟੀ-ਡ੍ਰੋਨ ਪ੍ਰਣਾਲੀਆਂ ਤਾਇਨਾਤ ਕਰਾਂਗੇ। ਮੈਂ ਅਗਲੇ ਸਾਲ ਇਨ੍ਹਾਂ ਪਹਿਲਕਦਮੀਆਂ ਲਈ 110 ਕਰੋੜ ਰੁਪਏ ਦਾ ਬਜਟ ਉਪਬੰਧ ਕਰ ਰਿਹਾ ਹਾਂ।

15. ਅਸੀਂ ਨਸ਼ਿਆਂ ਵਿਰੁੱਧ ਜੰਗ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੜਨ ਲਈ ਇੱਕ ਹੋਰ ਮਹੱਤਵਪੂਰਨ ਪਹਿਲ ਕਰ ਰਹੇ ਹਾਂ। ਸਾਨੂੰ ਇਹ ਜੰਗ ਸਿਰਫ਼ ਤਾਕਤ ਅਤੇ ਹਥਿਆਰਾਂ ਨਾਲ ਨਹੀਂ ਸਗੋਂ ਅੰਕੜਿਆਂ ਅਤੇ ਵਿਸ਼ਲੇਸ਼ਣਾਂ ਜ਼ਰੀਏ ਵਿਗਿਆਨਕ ਢੰਗ ਨਾਲ ਵੀ ਲੜਨੀ ਪਵੇਗੀ। ਅਸੀਂ ਅਗਲੇ ਸਾਲ ਪੰਜਾਬ ਵਿੱਚ ਪਹਿਲੀ "ਡਰੱਗ ਸੈਂਸਸ" ਕਰਵਾਉਣ ਦਾ ਫੈਸਲਾ ਕੀਤਾ ਹੈ। ਇਹ ਜਨਗਣਨਾ ਪੰਜਾਬ ਦੇ ਹਰ ਪਰਿਵਾਰ ਨੂੰ ਕਵਰ ਕਰੇਗੀ ਅਤੇ ਪੰਜਾਬ ਦੇ ਲੋਕਾਂ ਦੀ ਸਮਾਜਿਕ-ਆਰਥਿਕ ਸਥਿਤੀ ਤੋਂ ਇਲਾਵਾ ਨਸ਼ਿਆਂ ਦੇ ਪ੍ਰਚਲਣ, ਨਸ਼ਾ ਛੁਡਾਊ ਕੇਂਦਰਾਂ ਦੀ ਉਪਯੋਗਤਾ ਆਦਿ ਨੂੰ ਸਮਝਣ ਲਈ ਅੰਕੜੇ ਇਕੱਤਰ ਕਰੇਗੀ। ਇਨ੍ਹਾਂ ਅੰਕੜਿਆਂ ਦੀ ਵਰਤੋਂ ਅਸੀਂ ਅਗਲੇ 1-2 ਸਾਲਾਂ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਖ਼ਤਮ ਕਰਨ ਲਈ ਪ੍ਰਭਾਵਸ਼ਾਲੀ ਅਤੇ ਵਿਗਿਆਨਕ ਰਣਨੀਤੀ ਬਣਾਉਣ ਲਈ ਕਰਾਂਗੇ। ਸਾਡੀ ਸਰਕਾਰ ਵਿੱਤੀ ਸਾਲ 2025-26 ਵਿੱਚ ਇਸ ਪਹਿਲ 'ਤੇ 150 ਕਰੋੜ ਰੁਪਏ ਖਰਚ ਕਰਨ ਦੀ ਤਜਵੀਜ਼ ਕਰਦੀ ਹੈ।

16. ਸਾਡੀ ਸਰਕਾਰ ਨਸ਼ਿਆਂ ਦੇ ਮੁੱਦੇ ਦੇ ਨਾਲ-ਨਾਲ, ਗੈਂਗਸਟਰਾਂ 'ਤੇ ਸ਼ਿਕੰਜਾ ਕੱਸਣ ਅਤੇ ਪੰਜਾਬ ਦੀ ਸਮੁੱਚੀ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਦੇ ਮਾਮਲੇ ਵਿਚ ਬਹੁਤ ਸਖਤ ਰਹੀ ਹੈ। ਇਹ ਯਕੀਨੀ ਬਣਾਉਣ ਲਈ ਕਿ ਸਾਡੀ ਪੁਲਿਸ ਕਿਸੇ ਵੀ ਸੂਚਨਾ 'ਤੇ ਤੁਰੰਤ ਕਾਰਵਾਈ ਕਰਨ ਅਤੇ ਦੋਸ਼ੀਆਂ ਨੂੰ ਸਮੇਂ ਸਿਰ ਫੜਨ ਲਈ ਚੰਗੀ ਤਰ੍ਹਾਂ ਲੈਸ ਹੋਵੇ, ਅਸੀਂ ਐਮਰਜੈਂਸੀ ਰਿਸਪਾਂਸ ਵਹੀਕਲਜ਼ (ਈ.ਆਰ.ਵੀ’ਜ਼) ਦੇ ਬੇੜੇ ਨੂੰ ਮਜ਼ਬੂਤ ਕਰਨ ਲਈ ਵੱਡੀ ਪਹਿਲਕਦਮੀ ਸ਼ੁਰੂ ਕਰਾਂਗੇ ਜਿਸ ਦੇ ਤਹਿਤ '112' 'ਤੇ ਕੀਤੀਆਂ ਗਈਆਂ ਐਮਰਜੈਂਸੀ ਕਾਲਾਂ ਦਾ ਤੁਰੰਤ ਜਵਾਬ ਦਿੱਤਾ ਜਾਵੇਗਾ।

ਵਰਤਮਾਨ ਵਿੱਚ, ਪੰਜਾਬ ਪੁਲਿਸ ਕੋਲ 258 ਈ.ਆਰ.ਵੀ'ਜ਼ ਦਾ ਬੇੜਾ ਉਪਲਬਧ ਹੈ ਜਿਸ ਕਾਰਨ ਐਮਰਜੈਂਸੀ ਕਾਲਾਂ ਲਈ ਔਸਤ ਜਵਾਬ ਦੇਣ ਦੀ ਮਿਆਦ 30 ਮਿੰਟ ਤੱਕ ਪਹੁੰਚ ਜਾਂਦੀ ਹੈ। ਅਗਲੇ ਸਾਲ ਵਿੱਚ, ਅਸੀਂ 758 ਚਾਰ ਪਹੀਆ ਵਾਹਨ ਅਤੇ 916 ਦੋ ਪਹੀਆ ਵਾਹਨ ਖਰੀਦਣ ਅਤੇ ਉਹਨਾਂ ਨੂੰ ਈ.ਆਰ.ਵੀ. ਵਜੋਂ ਤਾਇਨਾਤ ਕਰਨ ਦਾ ਫੈਸਲਾ ਕੀਤਾ ਹੈ, ਜਿਸ ਨਾਲ ਸਾਡੇ ਬੇੜੇ ਦੇ ਆਕਾਰ ਵਿੱਚ 6 ਗੁਣਾ ਵਾਧਾ ਹੋਵੇਗਾ। ਇਸ ਦੇ ਨਾਲ, ਅਸੀਂ ਐਮਰਜੈਂਸੀ ਕਾਲਾਂ ਲਈ ਔਸਤ ਜਵਾਬ ਮਿਆਦ ਘਟਾ ਕੇ 8 ਮਿੰਟ ਕਰ ਦੇਵਾਂਗੇ, ਜੋ ਦੇਸ਼ ਵਿੱਚ ਸਭ ਤੋਂ ਘੱਟ ਹੋਵੇਗੀ। ਇਸ ਤੋਂ ਇਲਾਵਾ, ਅਸੀਂ ਐੱਸ.ਏ.ਐੱਸ. ਨਗਰ (ਮੋਹਾਲੀ) ਵਿੱਚ 'ਡਾਇਲ 112' ਰਿਸਪਾਂਸ ਟੀਮਾਂ ਲਈ ਅਤਿ-ਆਧੁਨਿਕ ਹੈੱਡਕੁਆਰਟਰ ਦਾ ਨਿਰਮਾਣ ਕਰਾਂਗੇ, ਜੋ ਕਿ ਨਵੀਨਤਮ ਤਕਨੀਕਾਂ ਅਤੇ ਸਹੂਲਤਾਂ ਨਾਲ ਲੈਸ ਹੋਵੇਗਾ। ਮੈਂ ਵਿੱਤੀ ਸਾਲ 2025-26 ਵਿੱਚ ਨਵੇਂ ਐਮਰਜੈਂਸੀ ਰਿਸਪਾਂਸ ਵਾਹਨ ਖਰੀਦਣ ਲਈ 125 ਕਰੋੜ ਰੁਪਏ ਅਤੇ ਨਵੇਂ 'ਡਾਇਲ 112' ਹੈੱਡਕੁਆਰਟਰ ਬਣਾਉਣ ਲਈ 53 ਕਰੋੜ ਰੁਪਏ ਦੀ ਵੰਡ ਦਾ ਐਲਾਨ ਕਰਦਾ ਹਾਂ।

## ਖੇਡਦਾ ਪੰਜਾਬ, ਬਦਲਦਾ ਪੰਜਾਬ

17. ਜਦੋਂ ਅਸੀਂ "ਯੁੱਧ ਨਸ਼ੇ ਦੇ ਵਿਰੁੱਧ" ਮੁਹਿੰਮ ਦੇ ਤਹਿਤ ਡਰੱਗ ਮਾਫੀਆ 'ਤੇ ਇਤਿਹਾਸਕ ਅਤੇ ਬੇਮਿਸਾਲ ਕਾਰਵਾਈ ਕਰਦੇ ਹਾਂ ਤਾਂ ਵੱਡਾ ਸਵਾਲ ਇਹ ਪੈਦਾ ਹੁੰਦਾ ਹੈ ਕਿ ਅਸੀਂ ਆਪਣੇ ਨੌਜਵਾਨਾਂ ਨੂੰ ਇਸ ਵਿਚ ਕਿਵੇਂ ਸ਼ਾਮਿਲ ਕਰਾਂਗੇ। ਸਾਡਾ ਪੱਕਾ ਵਿਸ਼ਵਾਸ ਹੈ ਕਿ ਇਸ ਦਾ ਜਵਾਬ ਖੇਡਾਂ ਵਿੱਚ ਲੁਕਿਆ ਹੈ। ਪੰਜਾਬ ਹਮੇਸ਼ਾ ਹੀ ਜੇਤੂਆਂ ਦੀ ਧਰਤੀ ਰਿਹਾ ਹੈ। ਸਾਡੇ ਨੌਜਵਾਨਾਂ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੰਚਾਂ 'ਤੇ ਚਮਕਣ ਦੀ ਪ੍ਰਤਿਭਾ ਅਤੇ ਜਨੂੰਨ ਹੈ। ਪੰਜਾਬ ਦੇ ਭਵਿੱਖ ਦੇ ਸੁਪਰਸਟਾਰਾਂ ਨੂੰ ਤਿਆਰ ਕਰਨ ਲਈ, ਅਸੀਂ ਰਾਜ ਦੇ ਇਤਿਹਾਸ ਵਿਚ ਪਹਿਲੀ ਵਾਰ ਇੱਕ ਮੈਗਾ ਸਪੋਰਟਸ ਪਹਿਲਕਦਮੀ ਕਰ ਰਹੇ ਹਾਂ ਜਿਸ ਦਾ ਨਾਮ ਹੈ "ਖੇਡਦਾ ਪੰਜਾਬ, ਬਦਲਦਾ ਪੰਜਾਬ"। ਭਗਵੰਤ ਮਾਨ

ਜੀ ਦੀ ਸਰਕਾਰ ਦਾ ਇਹ ਦ੍ਰਿੜ੍ਹ ਵਿਸ਼ਵਾਸ ਹੈ ਕਿ ਆਉਣ ਵਾਲੇ ਸਾਲ ਵਿੱਚ ਸਾਡੀਆਂ ਕੋਸ਼ਿਸ਼ਾਂ ਪੰਜਾਬ ਨੂੰ ਖੇਡਾਂ ਦੇ ਉੱਤਮ ਕੇਂਦਰ ਵਜੋਂ ਸਥਾਪਿਤ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ।

18. ਸਪੀਕਰ ਸਾਹਿਬ, ਸਾਡੇ ਪਿੰਡਾਂ ਵਿੱਚ ਸਾਡੇ ਬੱਚਿਆਂ ਅਤੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਬੇਅੰਤ ਪ੍ਰਤਿਭਾ ਹੈ। ਪਰ ਉਨ੍ਹਾਂ ਕੋਲ ਉਚਿਤ ਖੇਡ ਦੇ ਮੈਦਾਨ ਜਾਂ ਉਪਕਰਨ ਤੱਕ ਨਹੀਂ ਹਨ। “ਖੇਡਦਾ ਪੰਜਾਬ, ਬਦਲਦਾ ਪੰਜਾਬ” ਪਹਿਲਕਦਮੀ ਤਹਿਤ ਸਾਡੀ ਸਰਕਾਰ ਨੇ ਪੰਜਾਬ ਦੇ ਹਰ ਪਿੰਡ ਵਿੱਚ ਖੇਡ ਮੈਦਾਨ ਅਤੇ ਇਨਡੋਰ ਜਿੰਮ ਮੁਹੱਈਆ ਕਰਵਾ ਕੇ ਜ਼ਮੀਨੀ ਪੱਧਰ ‘ਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਇਤਿਹਾਸਕ ਫੈਸਲਾ ਲਿਆ ਹੈ। ਅਸੀਂ ਮਿਆਰੀ ਖੇਡ ਮੈਦਾਨ ਬਣਾਉਣ ਨੂੰ ਤਰਜੀਹ ਦੇਵਾਂਗੇ, ਜਿਨ੍ਹਾਂ ਵਿੱਚ ਵਧੀਆ ਰਨਿੰਗ ਟ੍ਰੈਕ, ਬੱਚਿਆਂ ਲਈ ਵੱਖਰਾ ਖੇਡ ਖੇਤਰ ਅਤੇ ਸੋਲਰ ਲਾਈਟਿੰਗ ਉਪਲਬਧ ਹੋਣਗੇ। ਇਹ ਖੇਡ ਮੈਦਾਨ ਸਾਡੇ ਪਿੰਡਾਂ ਵਿੱਚ ਜੀਵੰਤ ਸਥਾਨਾਂ ਵਜੋਂ ਕੰਮ ਕਰਨਗੇ, ਜੋ ਵਿਭਿੰਨ ਪੀੜ੍ਹੀਆਂ ਦੇ ਲੋਕਾਂ ਨੂੰ ਇਕੱਠੇ ਕਰਨਗੇ ਅਤੇ ਨੇੜੇ ਲਿਆਉਣਗੇ। ਇਹ ਖੇਡ ਮੈਦਾਨ ਸੰਗਠਤ, ਸਿਹਤਮੰਦ ਅਤੇ ਖੁਸ਼ਹਾਲ ਸਮਾਜ ਸਿਰਜ ਕੇ ਸਾਡੇ 'ਬਦਲਦਾ ਪੰਜਾਬ' ਦੇ ਇਰਾਦੇ ਨੂੰ ਪੂਰਾ ਕਰਨ ਵਿੱਚ ਸਾਡੀ ਮਦਦ ਕਰਨਗੇ। ਅਸੀਂ ਹਰ ਪਿੰਡ ਦੇ ਖੇਡ ਮੈਦਾਨ ਵਿਚ ਸਥਾਨਕ ਤੌਰ 'ਤੇ ਹਰਮਨ ਪਿਆਰੀਆਂ ਖੇਡਾਂ ਜਿਵੇਂ ਵਾਲੀਬਾਲ, ਫੁੱਟਬਾਲ, ਹਾਕੀ, ਕਬੱਡੀ ਆਦਿ ਲਈ ਲੋੜੀਂਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਵਾਂਗੇ। ਉਦਾਹਰਣ ਵਜੋਂ, ਤਰਨਤਾਰਨ ਜ਼ਿਲ੍ਹੇ ਵਿੱਚ ਵਾਲੀਬਾਲ ਦੀ ਬਹੁਤ ਜ਼ਿਆਦਾ ਮੰਗ ਹੈ। ਪਿਛਲੇ 15 ਦਿਨਾਂ ਵਿੱਚ ਹੀ ਅਸੀਂ ਪਾਇਲਟ ਆਧਾਰ 'ਤੇ ਤਰਨਤਾਰਨ ਦੇ ਪਿੰਡਾਂ ਵਿੱਚ ਵਾਲੀਬਾਲ ਦੇ 87 ਖੇਡ ਮੈਦਾਨ ਬਣਾਏ ਹਨ। ਸਾਡੇ ਖੇਡ ਵਿਭਾਗ ਨੇ ਹਰ ਪਿੰਡ ਵਿੱਚ ਸਥਾਨਕ ਪੱਧਰ ’ਤੇ ਪ੍ਰਸਿੱਧ ਖੇਡਾਂ ਦੀ ਨਿਸ਼ਾਨਦੇਹੀ ਕੀਤੀ ਹੈ ਅਤੇ ਅਗਲੇ ਸਾਲ ਵਿੱਚ ਪੰਜਾਬ ਭਰ ਦੇ ਪਿੰਡਾਂ ਵਿੱਚ ਅਜਿਹੇ ਖੇਡ ਮੈਦਾਨ ਬਣਾਏ ਜਾਣਗੇ। ਅਸੀਂ ਪੂਰੇ ਪੰਜਾਬ ਵਿੱਚ

3,000 ਇਨਡੋਰ ਜਿੰਮ ਵੀ ਸਥਾਪਤ ਕਰਾਂਗੇ ਤਾਂ ਜੋ ਪਿੰਡਾਂ ਵਿੱਚ ਰਹਿਣ ਵਾਲੇ ਸਾਡੇ ਨੌਜਵਾਨਾਂ ਨੂੰ ਫਿੱਟ ਰਹਿਣ ਅਤੇ ਮੁਕਾਬਲੇ ਵਾਲੀਆਂ ਖੇਡਾਂ ਵਿੱਚ ਹਿੱਸਾ ਲੈਣ ਲਈ ਸਰਵੋਤਮ ਬੁਨਿਆਦੀ ਢਾਂਚਾ ਮਿਲ ਸਕੇ।

19. "ਖੇਡਦਾ ਪੰਜਾਬ, ਬਦਲਦਾ ਪੰਜਾਬ" ਪਹਿਲਕਦਮੀ ਤਹਿਤ, ਪੰਜਾਬ ਸਰਕਾਰ 13 ਮੌਜੂਦਾ ਸੈਂਟਰ ਆਫ਼ ਐਕਸੀਲੈਂਸ ਕੇਂਦਰਾਂ ਨੂੰ ਵੀ ਅਡਵਾਂਸ ਅਤੇ ਆਧੁਨਿਕ ਬਣਾਵੇਗੀ ਜੋ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰਨ ਵਾਲੇ ਪੰਜਾਬ ਦੇ ਸਾਰੇ ਚੈਂਪੀਅਨ ਖਿਡਾਰੀਆਂ ਲਈ ਹੱਬ ਬਣ ਜਾਣਗੇ।

20. ਭਗਵੰਤ ਮਾਨ ਸਰਕਾਰ ਦੇ "ਖੇਡਦਾ ਪੰਜਾਬ, ਬਦਲਦਾ ਪੰਜਾਬ" ਦੀ ਕਲਪਨਾ ਨੂੰ ਪੂਰਾ ਕਰਨ ਲਈ, ਮੈਂ ਅਗਲੇ ਸਾਲ ਵਿੱਚ ਖੇਡ ਵਿਭਾਗ ਨੂੰ 979 ਕਰੋੜ ਰੁਪਏ ਦੇ ਇਤਿਹਾਸਕ ਉਪਬੰਧ ਦਾ ਐਲਾਨ ਕਰ ਰਿਹਾ ਹਾਂ, ਜੋ ਕਿ ਪੰਜਾਬ ਦੇ ਇਤਿਹਾਸ ਵਿੱਚ ਹੁਣ ਤੱਕ ਦੀ ਸਭ ਤੋਂ ਵੱਧ ਜਾਰੀ ਹੋਣ ਵਾਲੀ ਰਕਮ ਹੈ। ਇਹ ਰਕਮ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਵੱਲੋਂ 2012 ਤੋਂ 2022 ਤੱਕ ਦੇ 10 ਸਾਲਾਂ ਵਿੱਚ ਸਾਂਝੇ ਤੌਰ 'ਤੇ ਖੇਡਾਂ 'ਤੇ ਖਰਚ ਕੀਤੀ ਗਈ ਰਕਮ ਤੋਂ ਵੀ ਵੱਧ ਹੈ। ਇਹ ਆਪਣੇ ਆਪ ਵਿਚ ਪੰਜਾਬ ਵਿੱਚ ਖੇਡਾਂ ਪ੍ਰਤੀ ਸਾਡੀ ਸਰਕਾਰ ਦੇ ਦ੍ਰਿਸ਼ਟੀਕੋਣ ਅਤੇ ਇਰਾਦੇ ਨੂੰ ਦਰਸਾਉਂਦਾ ਹੈ।

## ਸਿਹਤ ਅਤੇ ਪਰਿਵਾਰ ਭਲਾਈ

*ਸਪੀਕਰ ਸਾਹਿਬ,*

*"ਮਜ਼ਬੂਤ ਸਿਹਤ ਸੰਭਾਲ ਪ੍ਰਣਾਲੀ ਖੁਸ਼ਹਾਲ ਸਮਾਜ ਦੀ ਬੁਨਿਆਦ ਹੈ - ਕਿਉਂਕਿ ਜਦੋਂ ਅਸੀਂ ਤੰਦਰੁਸਤ ਹੁੰਦੇ ਹਾਂ, ਅਸੀਂ ਵਧਦੇ-ਫੁੱਲਦੇ ਹਾਂ ਅਤੇ ਜਦੋਂ ਅਸੀਂ ਵਧਦੇ-ਫੁੱਲਦੇ ਹਾਂ, ਅਸੀਂ ਸਾਰਿਆਂ ਲਈ ਰੌਸ਼ਨ ਭਵਿੱਖ ਸਿਰਜਦੇ ਹਾਂ।"*

21. ਸਾਡਾ ਮੰਨਣਾ ਹੈ ਕਿ ਮੁਫ਼ਤ ਅਤੇ ਮਿਆਰੀ ਸਿਹਤ ਸੰਭਾਲ ਭਾਰਤ ਦੇ ਹਰ ਨਾਗਰਿਕ ਨੂੰ ਅਧਿਕਾਰ ਦੇ ਤੌਰ 'ਤੇ ਉਪਲਬਧ ਹੋਣੀ ਚਾਹੀਦੀ ਹੈ, ਭਾਵੇਂ ਉਹ ਅਮੀਰ ਹੋਵੇ ਜਾਂ ਗਰੀਬ। ਇਹ ਸਮੁੱਚੇ ਦੇਸ਼ ਲਈ ਮੰਦਭਾਗਾ ਹੈ ਕਿ ਆਜ਼ਾਦੀ ਦੇ 78 ਸਾਲਾਂ ਬਾਅਦ ਵੀ ਕੋਈ ਸਰਕਾਰ ਸਾਰੇ ਨਾਗਰਿਕਾਂ ਲਈ ਸਰਵਵਿਆਪੀ ਸਿਹਤ ਕਵਰੇਜ ਯਕੀਨੀ ਨਹੀਂ ਬਣਾ ਸਕੀ। ਪਰ ਪੰਜਾਬ ਹੁਣ ਹੋਰ ਇੰਤਜ਼ਾਰ ਨਹੀ ਕਰੇਗਾ। ਸਿਹਤ ਹਮੇਸ਼ਾ ਸਾਡੀ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਰਹੀ ਹੈ ਅਤੇ ਅਸੀਂ ਇਸ ਪਾੜੇ ਨੂੰ ਹਮੇਸ਼ਾ ਲਈ ਪੂਰਨ ਵਾਸਤੇ ਦ੍ਰਿੜ੍ਹ ਹਾਂ। ਪਿਛਲੇ ਤਿੰਨ ਸਾਲਾਂ ਵਿੱਚ, ਸਾਡੀ ਸਰਕਾਰ ਨੇ 881 ਆਮ ਆਦਮੀ ਕਲੀਨਿਕਾਂ ਦੀ ਸਥਾਪਨਾ ਕਰ ਕੇ ਮੁੱਢਲੀ ਸਿਹਤ ਦੇਖਭਾਲ ਤੱਕ ਵਿਆਪਕ ਪਹੁੰਚ ਦੀ ਦਿਸ਼ਾ ਵੱਲ ਵੱਡੀ ਤਰੱਕੀ ਕੀਤੀ ਹੈ ਜੋ ਹਰੇਕ ਵਿਅਕਤੀ ਨੂੰ ਮੁਫ਼ਤ ਡਾਕਟਰੀ ਸਲਾਹ, ਮੁਫ਼ਤ ਦਵਾਈਆਂ ਅਤੇ ਮੁਫ਼ਤ ਟੈਸਟ ਕਰਾਉਣ ਦੀ ਸੁਵਿਧਾ ਪ੍ਰਦਾਨ ਕਰਦੇ ਹਨ। ਆਮ ਆਦਮੀ ਕਲੀਨਿਕਾਂ ਵਿੱਚ ਹਰ ਰੋਜ਼ 70,000 ਤੋਂ ਵੱਧ ਲੋਕ ਮੁਫ਼ਤ ਇਲਾਜ ਪ੍ਰਾਪਤ ਕਰਦੇ ਹਨ ਅਤੇ ਹੁਣ ਤੱਕ 3 ਕਰੋੜ ਤੋਂ ਵੱਧ ਮਰੀਜ਼ਾਂ ਨੂੰ ਇਨ੍ਹਾਂ ਕਲੀਨਿਕਾਂ ਦੁਆਰਾ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ। ਕਾਂਗਰਸ ਅਤੇ ਅਕਾਲੀ ਦਲ ਨੇ ਰਲ ਕੇ "ਬਿਮਾਰ ਪੰਜਾਬ" ਬਣਾਇਆ ਹੋਇਆ ਸੀ ਪਰ ਅਸੀਂ ਹੁਣ "ਸਿਹਤਮੰਦ ਪੰਜਾਬ" ਬਣਾ ਰਹੇ ਹਾਂ। ਇਸ ਮੰਤਵ ਲਈ ਵਿੱਤੀ ਸਾਲ 2025-26 ਵਿੱਚ 268 ਕਰੋੜ ਰੁਪਏ ਦੇ ਬਜਟ ਦੀ ਤਜਵੀਜ਼ ਹੈ।

22. ਸਾਡੇ ਮਾਣਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਦਾ ਸੁਪਨਾ ਹੈ ਕਿ ਪੰਜਾਬ ਦੇ ਲੋਕਾਂ ਨੂੰ ਲੋੜੀਂਦੀ ਦੇਖਭਾਲ ਭਾਵ ਹਸਪਤਾਲ ਵਿਚ ਇਲਾਜ ਮੁਫ਼ਤ ਅਤੇ ਸਰਵ ਵਿਆਪਕ ਰੂਪ ਵਿਚ ਉਪਲਬਧ ਹੋਵੇ। ਹੁਣ ਤੱਕ ਪੰਜਾਬ ਦੇ 45 ਲੱਖ ਪਰਿਵਾਰ ਸਰਕਾਰੀ ਸਿਹਤ ਬੀਮਾ ਯੋਜਨਾਵਾਂ ਵਿੱਚ ਸ਼ਾਮਲ ਹਨ, ਜਿਨ੍ਹਾਂ ਵਿੱਚੋਂ 16 ਲੱਖ ਪਰਿਵਾਰ ਕੇਂਦਰ ਸਰਕਾਰ ਦੀ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਅਤੇ ਬਾਕੀ 29 ਲੱਖ ਪਰਿਵਾਰ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਰਬੱਤ ਸਿਹਤ ਬੀਮਾ

ਯੋਜਨਾ ਦੇ ਅਧੀਨ ਕਵਰ ਕੀਤੇ ਗਏ ਹਨ। ਇਨ੍ਹਾਂ ਯੋਜਨਾਵਾਂ ਵਿੱਚ ਪੂਰੇ ਪਰਿਵਾਰ ਲਈ ਬੀਮਾ ਕਵਰੇਜ ਸਿਰਫ 5 ਲੱਖ ਰੁਪਏ ਸਾਲਾਨਾ ਹੈ। ਸਪੀਕਰ ਸਾਹਿਬ, ਅੱਜ ਮੈਂ ਪੰਜਾਬ ਦੇ ਸਿਹਤ ਖੇਤਰ ਲਈ ਦੋ ਇਤਿਹਾਸਕ ਫੈਸਲਿਆਂ ਦਾ ਐਲਾਨ ਕਰਨ ਜਾ ਰਿਹਾ ਹਾਂ।

23. ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ, ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਸਰਕਾਰ ਨੇ ਆਗਾਮੀ ਸਾਲ ਵਿੱਚ ਰਾਜ ਦੀ ਸਿਹਤ ਬੀਮਾ ਯੋਜਨਾ ਨੂੰ ਵਿਆਪਕ ਬਣਾਉਣ ਅਤੇ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਕਵਰ ਕਰਨ ਦਾ ਫੈਸਲਾ ਕੀਤਾ ਹੈ। ਇਸ ਵਿਚ ਕੋਈ ਰੁਕਾਵਟ ਜਾਂ ਵਿਤਕਰਾ ਨਹੀਂ ਹੋਵੇਗਾ। ਪੇਂਡੂ ਜਾਂ ਸ਼ਹਿਰੀ, ਅਮੀਰ ਜਾਂ ਗਰੀਬ ਹਰ ਕੋਈ ਇਸ ਯੋਜਨਾ ਦਾ ਲਾਭ ਲੈ ਸਕਦਾ ਹੈ। ਦੂਜਾ ਵੱਡਾ ਫੈਸਲਾ ਇਹ ਹੈ ਕਿ ਅਸੀਂ ਪੰਜਾਬ ਦੇ ਸਾਰੇ ਪਰਿਵਾਰਾਂ ਲਈ 10 ਲੱਖ ਰੁਪਏ ਸਲਾਨਾ ਤੱਕ ਦਾ ਬੀਮਾ ਕਵਰ ਵਧਾ ਰਹੇ ਹਾਂ। ਇਸ ਵਿੱਚ ਉਹ ਲੋਕ ਵੀ ਸ਼ਾਮਲ ਹਨ ਜੋ ਕੇਂਦਰ ਸਰਕਾਰ ਦੀ ਸਕੀਮ ਵਿੱਚ ਸ਼ਾਮਲ ਹਨ, ਉਨ੍ਹਾਂ ਨੂੰ ਰਾਜ ਸਰਕਾਰ ਤੋਂ 5 ਲੱਖ ਰੁਪਏ ਦਾ ਵਾਧੂ ਟਾਪ-ਅੱਪ ਕਵਰ ਮਿਲੇਗਾ। ਇਸ ਤੋਂ ਇਲਾਵਾ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਅਧੀਨ ਆਉਣ ਵਾਲੇ ਸਾਰੇ ਪਰਿਵਾਰਾਂ ਨੂੰ ਅਗਲੇ ਸਾਲ 'ਸਿਹਤ ਕਾਰਡ' ਮਿਲੇਗਾ ਜਿਸ ਰਾਹੀਂ ਉਹ ਪੰਜਾਬ ਦੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦਾ ਫਾਇਦਾ ਲੈ ਸਕਣਗੇ। ਸਪੀਕਰ ਸਾਹਿਬ, ਇਹ ਇਤਿਹਾਸਕ ਪਹਿਲਕਦਮੀ ਪੰਜਾਬ ਦੇ ਹਰ ਪਰਿਵਾਰ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰੇਗੀ ਅਤੇ ਇਹ ਯਕੀਨੀ ਬਣਾਵੇਗੀ ਕਿ ਕਿਸੇ ਨੂੰ ਵੀ ਆਰਥਿਕ ਤੰਗੀ ਕਾਰਨ ਆਪਣੀ ਸਿਹਤ ਨਾਲ ਸਮਝੌਤਾ ਨਾ ਕਰਨਾ ਪਵੇ। ਮੈਂ ਇਸ ਮਕਸਦ ਲਈ 778 ਕਰੋੜ ਰੁਪਏ ਦਾ ਉਪਬੰਧ ਕਰਦਾ ਹਾਂ।

24. ਦੁਰਘਟਨਾ ਪੀੜਤਾਂ ਦੇ ਤੁਰੰਤ ਇਲਾਜ ਅਤੇ ਮਦਦਗਾਰਾਂ ਨੂੰ ਉਤਸ਼ਾਹਿਤ ਕਰਨ ਲਈ 'ਫਰਿਸ਼ਤੇ' ਸਕੀਮ ਲਈ 10 ਕਰੋੜ ਰੁਪਏ ਰਾਖਵੇਂ ਕੀਤੇ ਜਾਂਦੇ ਹਨ। ਸਪੀਕਰ ਸਾਹਿਬ ਸਿਹਤ

ਵਿਭਾਗ ਲਈ 2025-26 ਵਿੱਚ ਕੁੱਲ 5,598 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ ਜੋ ਮੌਜੂਦਾ ਸਾਲ ਤੋਂ 10% ਵੱਧ ਹੈ।

## ਪੇਂਡੂ ਵਿਕਾਸ: ਬਦਲਦੇ ਪਿੰਡ, ਬਦਲਦਾ ਪੰਜਾਬ

25. ਸਾਡੀ ਸਰਕਾਰ ਦਾ ਮੰਨਣਾ ਹੈ ਕਿ ਪਿੰਡ ਪੰਜਾਬ ਦਾ ਦਿਲ ਅਤੇ ਰੂਹ ਹਨ। ਜਦੋਂ ਦੁਨੀਆ ਭਰ ਵਿੱਚ ਕੋਈ ਵੀ ਪੰਜਾਬ ਬਾਰੇ ਸੋਚਦਾ ਹੈ ਤਾਂ ਸਭ ਤੋਂ ਪਹਿਲਾਂ ਜੋ ਗੱਲ ਚੇਤੇ ਆਉਂਦੀ ਹੈ, ਉਹ ਹੈ ਸਾਡੇ ਖੇਤ ਅਤੇ ਸਾਡੇ ਪਿੰਡ। ਇਸ ਲਈ ਸਾਡੇ ਪਿੰਡਾਂ ਦੀ ਕਾਇਆ ਕਲਪ ਕਰਨ ਤੋਂ ਬਿਨਾ ਪੰਜਾਬ ਦਾ ਵਿਕਾਸ ਅਧੂਰਾ ਹੈ। ਮੈਂ ਇਹ ਗੱਲ ਬੜੀ ਜ਼ਿੰਮੇਵਾਰੀ ਨਾਲ ਆਖਦਾ ਹਾਂ ਕਿ ਅਗਲਾ ਸਾਲ ਪੇਂਡੂ ਪੰਜਾਬ ਦੀ ਨਵ-ਸੁਰਜੀਤੀ ਦਾ ਹੋਵੇਗਾ। ਸਾਡੇ ਪਿੰਡਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ, ਅਸੀਂ ਅਗਲੇ ਦੋ ਸਾਲਾਂ ਵਿੱਚ ਰਾਜ ਦੇ ਸਾਰੇ 12,581 ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਉੱਚਾ ਚੁੱਕਣ ਲਈ ਵਿਸਤ੍ਰਿਤ ਪੈਕੇਜ ਪੇਸ਼ ਕਰ ਰਹੇ ਹਾਂ। ਇਸ ਨੂੰ ਮੁੱਢਲੇ ਦੌਰ ਵਿਚ "ਬਦਲਦੇ ਪਿੰਡ, ਬਦਲਦਾ ਪੰਜਾਬ" ਕਿਹਾ ਜਾਵੇਗਾ। ਅਗਲੇ ਸਾਲ ਵਿੱਚ, ਪੰਜਾਬ ਦੇ ਪਿੰਡਾਂ ਵਿੱਚ ਹੇਠ ਲਿਖੇ ਪੰਜ ਕਾਰਜ ਕੀਤੇ ਜਾਣਗੇ:-

a) ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਅਤੇ ਨਵੀਨੀਕਰਨ
b) ਸੀਚੇਵਾਲ-ਥਾਪਰ ਮਾਡਲ ਤੇ ਹੋਰ ਕਿਫ਼ਾਇਤੀ-ਵਾਜਬ ਮਾਡਲਾਂ ਅਨੁਸਾਰ ਸੀਵਰੇਜ ਟ੍ਰੀਟਮੈਂਟ ਸਿਸਟਮ ਸਥਾਪਤ ਕਰਨਾ
c) ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ ਨਹਿਰੀ ਖਾਲ਼ਾਂ ਨੂੰ ਬਹਾਲ ਕਰਨਾ
d) ਪਿੰਡਾਂ ਦੇ ਖੇਡ ਮੈਦਾਨਾਂ ਦਾ ਨਿਰਮਾਣ
e) ਮੁੱਖ ਮੰਤਰੀ ਸਟਰੀਟ ਲਾਈਟ ਯੋਜਨਾ ਤਹਿਤ ਸਟਰੀਟ ਲਾਈਟਾਂ ਲਗਾਉਣਾ

26. ਸਪੀਕਰ ਸਾਹਿਬ, ਜਿਨ੍ਹਾਂ ਕੰਮਾਂ ਦਾ ਮੈਂ ਉੱਪਰ ਵਰਣਨ ਕੀਤਾ ਹੈ, ਉਨ੍ਹਾਂ ਵਿੱਚੋਂ ਬਹੁਤ ਸਾਰੇ ਕੰਮ ਪੰਜਾਬ ਦੇ ਪਿੰਡਾਂ ਵਿੱਚ ਦਹਾਕਿਆਂ ਤੋਂ ਨਹੀਂ ਕੀਤੇ ਗਏ ਹਨ। ਇਸ ਸੁਪਨੇ ਨੂੰ ਹਕੀਕਤ ਵਿੱਚ ਬਦਲਣ ਲਈ ਅਗਲੇ ਸਾਲ ਇਸ ਪਹਿਲਕਦਮੀ ਤਹਿਤ ਕੁੱਲ 3,500 ਕਰੋੜ ਰੁਪਏ ਖਰਚ ਕੀਤੇ ਜਾਣਗੇ।

27. ਪੰਜਾਬ ਦੇ ਸਾਰੇ ਪਿੰਡਾਂ ਦੇ ਆਪਸੀ ਸੰਪਰਕ ਨੂੰ ਯਕੀਨੀ ਬਣਾਏ ਬਿਨਾ, ਅਸੀਂ 'ਬਦਲਦੇ ਪੰਜਾਬ' ਦੀ ਕਾਮਨਾ ਨਹੀਂ ਕਰ ਸਕਦੇ। ਅੱਜ ਮੈਂ ਪੰਜਾਬ ਦੇ ਲੋਕਾਂ ਨਾਲ ਇਹ ਵਾਅਦਾ ਕਰਨਾ ਚਾਹੁੰਦਾ ਹਾਂ ਕਿ ਅਗਲੇ ਸਾਲ ਅਸੀਂ ਪੰਜਾਬ ਦੀਆਂ ਸਾਰੀਆਂ ਟੁੱਟੀਆਂ ਹੋਈਆਂ ਪੇਂਡੂ ਲਿੰਕ ਸੜਕਾਂ ਬਣਾਉਣ ਜਾ ਰਹੇ ਹਾਂ ਜੋ ਸਾਡੇ ਦੂਰ-ਦੁਰਾਡੇ ਦੇ ਪਿੰਡਾਂ, ਨੇੜਲੇ ਕਸਬਿਆਂ ਅਤੇ ਸ਼ਹਿਰਾਂ ਨੂੰ ਜੋੜਦੀਆਂ ਹਨ। ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਇਕ ਸਾਲ ਬਾਅਦ ਕੋਈ ਵੀ ਲਿੰਕ ਸੜਕ ਟੁੱਟੀ ਹੋਈ ਨਾ ਰਹੇ। ਇਸ ਨੂੰ ਪ੍ਰਾਪਤ ਕਰਨ ਲਈ, ਅਸੀਂ ਕੁੱਲ 18,944 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਨਿਰਮਾਣ ਅਤੇ ਅਪਗ੍ਰੇਡੇਸ਼ਨ ਕਰਾਂਗੇ। ਮੇਰਾ ਮੰਨਣਾ ਹੈ ਕਿ ਇਹ ਪੰਜਾਬ ਦੇ ਇਤਿਹਾਸ ਵਿੱਚ ਇੱਕ ਸਾਲ ਵਿਚ ਇੱਕ ਹੋਰ ਰਿਕਾਰਡ ਹੋਵੇਗਾ। ਇਸ ਨਾਲ ਯਾਤਰਾ ਦਾ ਸਮਾਂ ਘਟੇਗਾ, ਖੇਤੀ ਉਪਜਾਂ ਲਈ ਮਾਰਕੀਟ ਵਿੱਚ ਤੇਜ਼ੀ ਆਵੇਗੀ ਅਤੇ ਪੰਜਾਬ ਦੇ ਅਰਥਚਾਰੇ ਦੇ ਪ੍ਰਵਾਹ ਵਿੱਚ ਨਵੀਂ ਊਰਜਾ ਪੈਦਾ ਹੋਵੇਗੀ। ਵਿੱਤੀ ਸਾਲ 2025-26 ਵਿੱਚ ਪੰਜਾਬ ਮੰਡੀ ਬੋਰਡ ਵੱਲੋਂ ਪੇਂਡੂ ਲਿੰਕ ਸੜਕਾਂ ਦੇ ਨਿਰਮਾਣ ਅਤੇ ਅਪਗ੍ਰੇਡੇਸ਼ਨ ਪ੍ਰੋਗਰਾਮ ਲਈ 2,873 ਕਰੋੜ ਰੁਪਏ ਖਰਚ ਕੀਤੇ ਜਾਣਗੇ।

## ਰੰਗਲਾ ਪੰਜਾਬ ਵਿਕਾਸ ਸਕੀਮ

28. ਸਪੀਕਰ ਸਾਹਿਬ, ਪੰਜਾਬ ਦੇ ਲੋਕਾਂ ਨੇ 2022 ਵਿੱਚ 'ਰੰਗਲਾ ਪੰਜਾਬ' ਦੀ ਸਾਡੀ ਦ੍ਰਿਸ਼ਟੀ ਕਾਰਨ 'ਆਪ' ਸਰਕਾਰ ਨੂੰ ਇਤਿਹਾਸਕ ਫ਼ਤਵਾ ਦਿੱਤਾ। ਸਾਡੀ ਸਰਕਾਰ ਦਾ ਇਕ-ਇਕ ਦਿਨ

ਪੰਜਾਬ ਦੀ ਗੁਆਚੀ ਸ਼ਾਨ ਨੂੰ ਬਹਾਲ ਕਰਨ ਅਤੇ ਲੋਕਾਂ ਦੇ ਫੀਡਬੈਕ ਦੇ ਆਧਾਰ 'ਤੇ ਸੂਬੇ ਦੇ ਸੰਪੂਰਨ ਵਿਕਾਸ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਰਿਹਾ ਹੈ। ਅੱਜ, ਅਸੀਂ ਹਰ ਜ਼ਿਲ੍ਹੇ ਵਿੱਚ 'ਰੰਗਲਾ ਪੰਜਾਬ ਵਿਕਾਸ ਸਕੀਮ' ਦੀ ਘੋਸ਼ਣਾ ਦੇ ਨਾਲ ਇਸ ਦਿਸ਼ਾ ਵਿੱਚ ਵੱਡਾ ਕਦਮ ਚੁੱਕ ਰਹੇ ਹਾਂ ਜੋ ਉਸ ਜ਼ਿਲ੍ਹੇ ਦੇ ਲੋਕਾਂ ਦੀਆਂ ਸਭ ਤੋਂ ਮਹੱਤਵਪੂਰਨ ਸਥਾਨਕ ਰੋਜ਼ਾਨਾ ਵਿਕਾਸ ਜ਼ਰੂਰਤਾਂ 'ਤੇ ਖਰਚ ਕੀਤਾ ਜਾਵੇਗਾ। ਇਸ ਸਕੀਮ ਦਾ ਪ੍ਰਬੰਧਨ ਡਿਪਟੀ ਕਮਿਸ਼ਨਰਾਂ (ਡੀ.ਸੀ.) ਦੁਆਰਾ ਕੀਤਾ ਜਾਵੇਗਾ ਅਤੇ ਇਸ ਨੂੰ ਵਿਧਾਇਕਾਂ, ਜਨ ਸਭਾਵਾਂ, ਨਾਗਰਿਕ ਸਮੂਹਾਂ ਅਤੇ ਲੋਕਪੱਖੀ ਭਾਵਨਾਵਾਂ ਵਾਲੇ ਨਾਗਰਿਕਾਂ ਦੀਆਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਖਰਚ ਕੀਤਾ ਜਾਵੇਗਾ। ਇਹ ਫੰਡ ਸਾਡੇ ਸਾਰੇ ਜ਼ਿਲ੍ਹਿਆਂ ਦੇ ਸਾਰੇ ਖੇਤਰਾਂ ਜਿਵੇਂ ਕਿ ਸੜਕਾਂ ਅਤੇ ਪੁਲਾਂ ਦੀ ਉਸਾਰੀ ਅਤੇ ਮੁਰੰਮਤ, ਸਟਰੀਟ ਲਾਈਟਾਂ, ਕਲੀਨਿਕਾਂ, ਹਸਪਤਾਲਾਂ, ਸਕੂਲਾਂ, ਪਾਣੀ, ਸੈਨੀਟੇਸ਼ਨ ਆਦਿ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਵੱਡੀ ਸਹਾਇਤਾ ਕਰੇਗਾ। ਮੈਂ ਬਜਟ ਵਿੱਚ 'ਰੰਗਲਾ ਪੰਜਾਬ ਵਿਕਾਸ ਸਕੀਮ' ਲਈ 585 ਕਰੋੜ ਰੁਪਏ (ਪ੍ਰਤੀ ਹਲਕਾ 5 ਕਰੋੜ ਰੁਪਏ) ਦਾ ਉਪਬੰਧ ਕਰ ਰਿਹਾ ਹਾਂ।

## ਸ਼ਹਿਰੀ ਵਿਕਾਸ

29. ਸਪੀਕਰ ਸਾਹਿਬ, ਪੰਜਾਬ ਦੇ ਲੋਕ ਦੁਨੀਆ ਭਰ ਵਿੱਚ ਘੁੰਮਦੇ ਹਨ। ਉਹ ਯੂਰਪ, ਅਮਰੀਕਾ, , ਆਸਟ੍ਰੇਲੀਆ ਜਾਂਦੇ ਹਨ ਅਤੇ ਸਭ ਤੋਂ ਪਹਿਲਾਂ ਉਹ ਦੇਖਦੇ ਹਨ ਕਿ ਉਨ੍ਹਾਂ ਦੀਆਂ ਸੜਕਾਂ ਬਹੁਤ ਵਧੀਆ ਹਨ, ਪਰ ਇਹ ਗੱਲ ਸਾਡੇ ਪੰਜਾਬ ਜਾਂ ਭਾਰਤ ਦੇ ਸ਼ਹਿਰਾਂ ਵਿਚ ਦੇਖਣ ਨੂੰ ਨਹੀਂ ਮਿਲਦੀ। ਅਸੀਂ ਵਿਦੇਸ਼ਾਂ ਵਿੱਚ ਜਿਹੜੀਆਂ ਸੜਕਾਂ ਦੇਖਦੇ ਹਾਂ ਉਹ ਲੇਨਾਂ ਦੀ ਸਪਸ਼ਟ ਨਿਸ਼ਾਨਦੇਹੀ ਨਾਲ ਉੱਚ ਗੁਣਵੱਤਾ ਦੀਆਂ ਬਣੀਆਂ ਹੁੰਦੀਆਂ ਹਨ, ਪੈਦਲ ਚੱਲਣ ਵਾਲਿਆਂ ਅਤੇ ਸਾਈਕਲ ਸਵਾਰਾਂ ਲਈ ਰੁਕਾਵਟ-ਰਹਿਤ ਜਗ੍ਹਾ ਹੁੰਦੀ ਹੈ, ਚਾਰੇ ਪਾਸੇ ਹਰਿਆਲੀ ਅਤੇ ਲੈਂਡਸਕੇਪਿੰਗ ਹੈ ਅਤੇ ਹੋਰ ਸਾਰੀਆਂ ਸਹੂਲਤਾਂ ਲਈ ਢੁਕਵੀਂ ਯੋਜਨਾਬੰਦੀ ਹੁੰਦੀ ਹੈ ਜਿਵੇਂ ਕਿ ਬੈਂਚ,

ਸਟਰੀਟ ਲਾਈਟਾਂ, ਬੱਸ ਸਟੈਂਡ ਆਦਿ। ਸਾਡੇ ਵਿੱਚੋਂ ਬਹੁਤ ਸਾਰੇ ਹੈਰਾਨ ਹੁੰਦੇ ਹਨ ਕਿ ਸਾਡੇ ਸ਼ਹਿਰਾਂ ਵਿੱਚ ਇਹ ਸੁਵਿਧਾਵਾਂ ਮੁਹੱਈਆ ਕਿਉਂ ਨਹੀਂ ਕੀਤੀਆਂ ਜਾ ਸਕਦੀਆਂ। ਭਾਰਤ ਵਿੱਚ ਦੁਨੀਆ ਦੇ ਸਭ ਤੋਂ ਵਧੀਆ ਇੰਜੀਨੀਅਰ ਅਤੇ ਆਰਕੀਟੈਕਟ ਹਨ, ਪਰ ਸਾਡੀਆਂ ਸੜਕਾਂ ਇੰਨੀਆਂ ਖਰਾਬ ਕਿਉਂ ਹਨ? ਜਵਾਬ ਸਪਸ਼ਟ ਹੈ: "ਨਾ ਨੀਤ ਸੀ, ਨਾ ਨੀਤੀ।"

30. ਮੈਂ ਬੜੇ ਮਾਣ ਨਾਲ ਐਲਾਨ ਕਰਦਾ ਹਾਂ ਕਿ ਸਾਡੀ ਸਰਕਾਰ ਨੇ ਪੰਜਾਬ ਭਰ ਦੇ ਸ਼ਹਿਰਾਂ ਵਿੱਚ ਵਿਸ਼ਵ ਪੱਧਰੀ ਸੜਕਾਂ ਬਣਾਉਣ ਦਾ ਇਤਿਹਾਸਕ ਫੈਸਲਾ ਲਿਆ ਹੈ। ਪਹਿਲੇ ਪੜਾਅ ਵਿੱਚ ਅਸੀਂ ਅਗਲੇ ਸਾਲ ਵਿੱਚ ਚਾਰ ਸ਼ਹਿਰਾਂ- ਲੁਧਿਆਣਾ, ਅੰਮ੍ਰਿਤਸਰ, ਜਲੰਧਰ ਅਤੇ ਐੱਸ.ਏ.ਐੱਸ. ਨਗਰ (ਮੋਹਾਲੀ) ਵਿੱਚ ਲਗਭਗ 50 ਕਿਲੋਮੀਟਰ ਵਿਸ਼ਵ ਪੱਧਰੀ ਸੜਕਾਂ ਦਾ ਨਿਰਮਾਣ ਕਰਾਂਗੇ। ਇਹਨਾਂ ਸ਼ਹਿਰਾਂ ਵਿੱਚ ਸਭ ਤੋਂ ਪ੍ਰਮੁੱਖ ਸੜਕੀ ਹਿੱਸੇ ਸ਼ਾਮਲ ਹੋਣਗੇ ਜੋ ਸਥਾਨਕ ਨਿਵਾਸੀਆਂ ਅਤੇ ਸੈਲਾਨੀਆਂ ਦੁਆਰਾ ਅਕਸਰ ਵਰਤੇ ਜਾਂਦੇ ਹਨ।

31. ਅਸੀਂ ਇਹਨਾਂ ਸੜਕਾਂ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਅਨੁਸਾਰ ਡਿਜ਼ਾਈਨ ਕਰਨ ਲਈ ਪੰਜਾਬ ਅਤੇ ਭਾਰਤ ਦੇ ਚੋਟੀ ਦੇ ਆਰਕੀਟੈਕਟਾਂ ਨੂੰ ਸ਼ਾਮਲ ਕਰਾਂਗੇ ਅਤੇ ਬਾਅਦ ਵਿੱਚ ਠੇਕੇਦਾਰਾਂ ਨੂੰ ਨਿਯੁਕਤ ਕਰਾਂਗੇ ਜੋ 10 ਸਾਲਾਂ ਦੀ ਮਿਆਦ ਲਈ ਇਹਨਾਂ ਸੜਕਾਂ ਦਾ ਨਿਰਮਾਣ ਅਤੇ ਸਾਂਭ-ਸੰਭਾਲ ਵੀ ਕਰਨਗੇ। ਇਸ ਯੋਜਨਾ ਤਹਿਤ ਹਰੇਕ ਸੜਕ ਲਈ ਚਾਰ ਕਾਰਜ ਕੀਤੇ ਜਾਣਗੇ:

i. ਪਹਿਲਾ, ਇਕਸਾਰ ਲੇਨ ਦੀ ਚੌੜਾਈ ਨੂੰ ਯਕੀਨੀ ਬਣਾਉਣ ਅਤੇ ਟ੍ਰੈਫਿਕ ਦੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਸੜਕਾਂ ਦੀ ਮੁੜ ਤੋਂ ਰੂਪਰੇਖਾ ਤਿਆਰ ਕਰ ਕੇ ਦੁਬਾਰਾ ਬਣਾਇਆ ਜਾਵੇਗਾ। ਰਾਸ਼ਟਰੀ ਮਾਪਦੰਡਾਂ ਦੇ ਅਨੁਸਾਰ ਉਹਨਾਂ 'ਤੇ ਸਹੀ ਲੇਨ ਮਾਰਕਿੰਗ ਕੀਤੀ ਜਾਵੇਗੀ ਅਤੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਹਰ 3 ਮਹੀਨਿਆਂ ਵਿੱਚ ਉਹਨਾਂ ਨੂੰ ਦੁਬਾਰਾ ਪੇਂਟ ਕੀਤਾ ਜਾਵੇ।

ii. ਦੂਜਾ, ਅਸੀਂ ਰੁਕਾਵਟ-ਮੁਕਤ, ਸਰਵ ਵਿਆਪਕ, ਪਹੁੰਚਯੋਗ ਅਤੇ ਸੋਹਣੇ ਫੁੱਟਪਾਥ ਬਣਾਵਾਂਗੇ ਤਾਂ ਜੋ ਪੈਦਲ ਚੱਲਣ ਵਾਲਿਆਂ ਦੀਆਂ ਜ਼ਰੂਰਤਾਂ ਦਾ ਧਿਆਨ ਰੱਖਿਆ ਜਾ ਸਕੇ। ਸੜਕਾਂ ਦੇ ਵਿਚਕਾਰਲੀਆਂ ਪੱਟੀਆਂ ਦੀ ਵੀ ਮੁਰੰਮਤ ਕੀਤੀ ਜਾਵੇਗੀ। ਹਰੇਕ ਸੜਕ ਵਿੱਚ ਫੁੱਟਪਾਥਾਂ ਅਤੇ ਵਿਚਕਾਰਲੀਆਂ ਪੱਟੀਆਂ ਨੂੰ ਵਿਸ਼ਵ-ਪੱਧਰੀ ਦਿੱਖ ਦੇਣ ਅਤੇ ਇਹ ਯਕੀਨੀ ਬਣਾਉਣ ਲਈ ਕਿ ਸੜਕਾਂ ’ਤੇ ਧੂੜ ਅਤੇ ਹਵਾ ਪ੍ਰਦੂਸ਼ਣ ਦਾ ਕਾਰਨ ਬਣਨ ਵਾਲੇ ਟੋਏ ਨਾ ਹੋਣ, ਵਾਸਤੇ ਅਨੁਕੂਲਿਤ ਲੈਂਡਸਕੇਪਿੰਗ/ਬਾਗਬਾਨੀ ਯੋਜਨਾ ਤਿਆਰ ਕੀਤੀ ਜਾਵੇਗੀ।

iii. ਤੀਸਰਾ, ਸਾਡੀਆਂ ਸੜਕਾਂ ’ਤੇ ਬਿਜਲੀ ਦੀਆਂ ਲਾਈਨਾਂ, ਸਟਰੀਟ ਲਾਈਟਾਂ, ਪਾਣੀ ਦੀ ਸਪਲਾਈ ਦੀਆਂ ਲਾਈਨਾਂ, ਬੱਸ ਸਟੈਂਡ, ਦਰੱਖਤ ਆਦਿ ਬਹੁਤ ਸਾਰੀਆਂ ਸੇਵਾਵਾਂ ਬੇਤਰਤੀਬੇ ਢੰਗ ਨਾਲ ਦਿੱਤੀਆਂ ਗਈਆਂ ਹਨ ਜੋ ਲੋਕਾਂ ਅਤੇ ਵਾਹਨਾਂ ਦੇ ਵਹਾਅ ਨੂੰ ਰੋਕਦੀਆਂ ਹਨ। ਅਸੀਂ ਸਾਰੀਆਂ ਸੇਵਾਵਾਂ ਦੀ ਇਕਸਾਰਤਾ ਨੂੰ ਯਕੀਨੀ ਬਣਾਵਾਂਗੇ ਤਾਂ ਜੋ ਉਹ ਸੋਹਣੇ ਅਤੇ ਇਕਸਾਰ ਢੰਗ ਨਾਲ ਸੜਕਾਂ ਅਤੇ ਗਲੀਆਂ ‘ਤੇ ਮੌਜੂਦ ਹੋਣ।

iv. ਚੌਥਾ ਹੈ ਸਾਂਭ-ਸੰਭਾਲ। ਅਸੀਂ ਇਸ ਬੁਨਿਆਦੀ ਢਾਂਚੇ ਨੂੰ ਕਾਇਮ ਰੱਖਣ ਲਈ 10 ਸਾਲਾਂ ਲਈ ਠੇਕੇਦਾਰ ਦੀ ਜਵਾਬਦੇਹੀ ਤੈਅ ਕਰਾਂਗੇ। ਜੇਕਰ ਮੁਰੰਮਤ ਦੀ ਜ਼ਰੂਰਤ ਹੋਵੇ ਤਾਂ ਸ਼ਿਕਾਇਤ ਕਰਨ ਦੇ 24 ਘੰਟਿਆਂ ਦੇ ਅੰਦਰ-ਅੰਦਰ ਮੁਰੰਮਤ ਕੀਤੀ ਜਾਵੇਗੀ। ਅਸੀਂ ਵਿਸ਼ਵ ਪੱਧਰੀ ਉਪਕਰਨਾਂ ਦੀ ਵਰਤੋਂ ਕਰ ਕੇ ਇਹਨਾਂ ਗਲੀਆਂ ਦੀ ਨਿਯਮਤ ਅਤੇ ਮਸ਼ੀਨੀ ਸਫਾਈ ਨੂੰ ਵੀ ਯਕੀਨੀ ਬਣਾਵਾਂਗੇ ਤਾਂ ਜੋ ਇਹ 10 ਸਾਲਾਂ ਤੱਕ ਆਪਣੀ ਦਿੱਖ ਨੂੰ ਬਰਕਰਾਰ ਰੱਖ ਸਕਣ।

32. ਪਹਿਲੇ ਸਾਲ ਲਈ ਇਹਨਾਂ ਸੜਕਾਂ ਦੀ ਕੁੱਲ ਪ੍ਰੋਜੈਕਟ ਲਾਗਤ 140 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ ਅਤੇ ਅਸੀਂ ਇਸ ਦੇ ਲਈ ਲੋੜੀਂਦੇ ਉਪਬੰਧ ਨੂੰ ਯਕੀਨੀ ਬਣਾਇਆ ਹੈ।

33. ਇਨ੍ਹਾਂ ਚਾਰ ਸ਼ਹਿਰਾਂ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਤੋਂ ਇਲਾਵਾ, ਅਸੀਂ ਇਹ ਵੀ ਮੰਨਦੇ ਹਾਂ ਕਿ ਪੰਜਾਬ ਦੀ ਲਗਭਗ 40% ਆਬਾਦੀ ਸ਼ਹਿਰੀ ਹੈ ਜੋ ਪੰਜਾਬ ਦੇ 166 ਕਸਬਿਆਂ ਅਤੇ ਸ਼ਹਿਰਾਂ ਵਿੱਚ ਰਹਿੰਦੀ ਹੈ। ਸਾਡੀ ਸਰਕਾਰ ਦੀ ਇੱਛਾ ਹੈ ਕਿ ਸ਼ਹਿਰੀ ਖੇਤਰ ਵਿੱਚ ਰਹਿਣ ਵਾਲਾ ਹਰ ਨਾਗਰਿਕ ਉੱਚ ਜੀਵਨ ਪੱਧਰ ਦੀਆਂ ਸਹੂਲਤਾਂ ਮਾਣੇ। ਅਗਲੇ ਸਾਲ, ਅਸੀਂ ਪੰਜਾਬ ਦੇ ਸਾਰੇ 166 ਕਸਬਿਆਂ ਅਤੇ ਸ਼ਹਿਰਾਂ ਵਿੱਚ ਪੰਜ ਜ਼ਰੂਰੀ ਨਗਰਪਾਲਿਕਾ ਸੇਵਾਵਾਂ ਜਿਵੇਂ ਕਿ ਸਫਾਈ, ਪਾਣੀ ਦੀ ਸਪਲਾਈ, ਸੀਵਰੇਜ, ਸੜਕਾਂ ਅਤੇ ਸਟਰੀਟ ਲਾਈਟਾਂ ਇਕਸਾਰ ਪ੍ਰਦਾਨ ਕਰਨ ਵਾਸਤੇ ਵੱਡੇ ਯਤਨ ਕਰਾਂਗੇ। ਮੈਂ ਇਸ ਪਹਿਲਕਦਮੀ ਲਈ ਪੰਜਾਬ ਮਿਉਂਸੀਪਲ ਡਿਵੈਲਪਮੈਂਟ ਫੰਡ ਵਿੱਚ 225 ਕਰੋੜ ਰੁਪਏ ਅਲਾਟ ਕਰਨ ਦੀ ਤਜਵੀਜ਼ ਰੱਖਦਾ ਹਾਂ।

34. ਸਰਕਾਰ ਵਿੱਤੀ ਸਾਲ 2025-26 ਵਿੱਚ ਕੁਸ਼ਲ, ਵਾਤਾਵਰਣ-ਅਨੁਕੂਲ ਜਨਤਕ ਆਵਾਜਾਈ ਪ੍ਰਣਾਲੀ ਸਥਾਪਤ ਕਰਨ ਅਤੇ ਨਿੱਜੀ ਵਾਹਨਾਂ 'ਤੇ ਨਿਰਭਰਤਾ ਘਟਾਉਣ ਵਾਸਤੇ 347 ਈ-ਬੱਸਾਂ ਖਰੀਦੇਗੀ। ਇਸ ਨਾਲ ਪੰਜਾਬ ਦੇ ਸ਼ਹਿਰਾਂ ਵਿੱਚ ਟਿਕਾਊ ਅਤੇ ਪਹੁੰਚਯੋਗ ਸ਼ਹਿਰੀ ਆਵਾਜਾਈ ਯਕੀਨੀ ਬਣਾਈ ਜਾ ਸਕੇਗੀ। ਇਸ ਤੋਂ ਇਲਾਵਾ ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਅਤੇ ਜਲੰਧਰ ਵਿਖੇ ਸਿਵਲ ਬੱਸ ਡਿਪੂ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਿੱਤੀ ਸਾਲ 2025-26 ਵਿੱਚ ਉਪਬੰਧ ਕੀਤਾ ਗਿਆ ਹੈ।

35. ਅੰਮ੍ਰਿਤਸਰ ਅਤੇ ਲੁਧਿਆਣਾ ਸ਼ਹਿਰਾਂ ਦੇ ਨਾਗਰਿਕਾਂ ਨੂੰ ਸ਼ਹਿਰੀ ਰਾਜ ਪ੍ਰਬੰਧ, ਵਿੱਤ ਅਤੇ ਜਲ ਸੇਵਾਵਾਂ ਪ੍ਰਦਾਨ ਕਰਨ ਲਈ ਪੰਜਾਬ ਮਿਊਂਸੀਪਲ ਸਰਵਿਸਿਜ਼ ਇੰਪਰੂਵਮੈਂਟ ਪ੍ਰੋਜੈਕਟ

(ਪੀ.ਐੱਮ.ਐੱਸ.ਆਈ.ਪੀ) ਲਈ ਵਿੱਤੀ ਸਾਲ 2025-26 ਵਿੱਚ 300 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ।

36. ਰਿਹਾਇਸ਼ ਅਤੇ ਸ਼ਹਿਰੀ ਸਥਾਨਕ ਖੇਤਰਾਂ ਦੇ ਵਿਕਾਸ ਲਈ, ਮੈਂ ਵਿੱਤੀ ਸਾਲ 2025-26 ਵਿੱਚ 5,983 ਕਰੋੜ ਰੁਪਏ ਦੇ ਬਜਟ ਦਾ ਉਪਬੰਧ ਕਰਦਾ ਹਾਂ।

## ਬਿਜਲੀ

37. ਮਾਣਯੋਗ ਸਪੀਕਰ ਸਾਹਿਬ, ਮੈਨੂੰ ਇਹ ਦੱਸਦੇ ਹੋਏ ਮਾਣ ਮਹਿਸੂਸ ਹੁੰਦਾ ਹੈ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਪੀ.ਸੀ.ਐੱਲ) ਨੇ ਆਪਣੀ ਸੰਚਾਲਨ ਕੁਸ਼ਲਤਾ ਅਤੇ ਸੇਵਾ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਉਪਲੱਬਧੀਆਂ ਹਾਸਲ ਕੀਤੀਆਂ ਹਨ। ਆਪਣੀ ਬਿਹਤਰ ਕਾਰਗੁਜ਼ਾਰੀ ਨੂੰ ਦਰਸਾਉਂਦੇ ਹੋਏ, ਪੀ.ਐਸ.ਪੀ.ਸੀ.ਐੱਲ ਹੁਣ ਰਾਜ ਬਿਜਲੀ ਕੰਪਨੀਆਂ ਵਿੱਚੋਂ 7ਵੇਂ ਸਥਾਨ ’ਤੇ ਹੈ। ਪਿਛਲੇ ਸਾਲ ਕਾਰਪੋਰੇਸ਼ਨ ਨੂੰ ਇੱਕ ਸ਼ਾਨਦਾਰ ਪ੍ਰਾਪਤੀ ਵਜੋਂ ਗ੍ਰੇਡ "ਬੀ" ਤੋਂ ਗ੍ਰੇਡ "ਏ" ਵਿੱਚ ਅੱਪਗ੍ਰੇਡ ਕੀਤਾ ਗਿਆ ਹੈ। ਇਹ ਪ੍ਰਗਤੀ ਕੁੱਲ ਤਕਨੀਕੀ ਅਤੇ ਵਪਾਰਕ (ਏ.ਟੀ ਅਤੇ ਸੀ) ਨੁਕਸਾਨਾਂ ਦਾ 11.26% ਤੋਂ 10.96% ਤੱਕ ਘੱਟ ਹੋਣਾ ਅਤੇ ਸਪਲਾਈ ਦੀ ਲਾਗਤ ਅਤੇ ਮਾਲੀਆ ਪਾੜੇ ਵਿੱਚ ਪ੍ਰਤੀ ਯੂਨਿਟ 25 ਪੈਸੇ ਘਟਣ ਕਾਰਨ ਪ੍ਰਾਪਤ ਹੋਈ ਹੈ। ਇਹ ਵਿਕਾਸ ਪੰਜਾਬ ਦੇ ਬਿਜਲੀ ਖੇਤਰ ਨੂੰ ਮਜ਼ਬੂਤ ਕਰਨ ਅਤੇ ਉਦਯੋਗਾਂ, ਕਾਰੋਬਾਰਾਂ ਅਤੇ ਘਰਾਂ ਨੂੰ ਭਰੋਸੇਯੋਗ, ਕਿਫ਼ਾਇਤੀ ਅਤੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਸਾਡੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹਨ। ਪਹਿਲਾਂ "ਬੱਤੀ-ਗੁੱਲ ਪੰਜਾਬ" ਸੀ, ਹੁਣ "ਬੱਤੀ-ਫੁੱਲ ਪੰਜਾਬ" ਹੈ।

38. ਸਪੀਕਰ ਸਾਹਿਬ, ‘ਬਦਲਦਾ ਪੰਜਾਬ’ ਦਾ ਸੁਪਨਾ ਪੂਰਾ ਨਹੀਂ ਹੋ ਸਕਦਾ ਜੇਕਰ ਸਾਡੇ ਕਸਬੇ ਅਤੇ ਪਿੰਡ ਹਨੇਰੇ ਵਿੱਚ ਡੁੱਬੇ ਰਹਿਣ। ਇਹ ਸੱਚਮੁੱਚ ਮੰਦਭਾਗੀ ਗੱਲ ਹੈ ਕਿ ਆਜ਼ਾਦੀ ਦੇ

78 ਸਾਲਾਂ ਬਾਅਦ ਵੀ ਸਾਡੇ ਬਹੁਤ ਸਾਰੇ ਪਿੰਡਾਂ ਵਿੱਚ ਉਚਿੱਤ ਢੰਗ ਨਾਲ ਸਟਰੀਟ ਲਾਈਟਾਂ ਨਹੀਂ ਲਗਾਈਆਂ ਗਈਆਂ ਹਨ। ਇਸੇ ਲਈ ਸਾਡੀ ਸਰਕਾਰ ਨੇ "ਮੁੱਖ ਮੰਤਰੀ ਸਟਰੀਟ ਲਾਈਟ ਯੋਜਨਾ" ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ ਜਿਸ ਰਾਹੀਂ ਅਸੀਂ ਅਗਲੇ ਸਾਲ ਪੂਰੇ ਪੰਜਾਬ ਵਿੱਚ 2.5 ਲੱਖ ਸਟਰੀਟ ਲਾਈਟਾਂ ਲਵਾਵਾਂਗੇ। ਅਸੀਂ ਇਹਨਾਂ ਸਟਰੀਟ ਲਾਈਟਾਂ ਨੂੰ ਲਗਾਉਣ ਲਈ ਅਤਿ-ਨਵੀਨ ਮਾਡਲ ਦੀ ਵਰਤੋਂ ਕਰਾਂਗੇ। ਮਹਿੰਗੇ ਖੰਭਿਆਂ ਨੂੰ ਲਗਾਉਣ ਦੀ ਬਜਾਏ ਅਸੀਂ ਲੋਕਾਂ ਦੇ ਘਰਾਂ ਦੇ ਬਾਹਰ ਇਹ ਸਟਰੀਟ ਲਾਈਟਾਂ ਲਗਾਵਾਂਗੇ ਅਤੇ ਉਨ੍ਹਾਂ ਦੇ ਘਰੇਲੂ ਕੁਨੈਕਸ਼ਨ ਤੋਂ ਬਿਜਲੀ ਦੇ ਕੁਨੈਕਸ਼ਨ ਲਾਵਾਂਗੇ। ਇਨ੍ਹਾਂ ਘਰਾਂ ਦੇ ਬਿਜਲੀ ਬਿੱਲਾਂ ਵਿੱਚੋਂ ਖਪਤ ਹੋਈਆਂ ਯੂਨਿਟਾਂ ਦੀ ਕਟੌਤੀ ਕੀਤੀ ਜਾਵੇਗੀ ਅਤੇ ਇਸ ਦੇ ਨਾਲ ਹੀ ਉਹ ਆਪਣੇ ਘਰ ਦੇ ਬਾਹਰ ਸਟਰੀਟ ਲਾਈਟ ਨਾਲ ਸੁਰੱਖਿਅਤ ਮਹਿਸੂਸ ਕਰਨਗੇ। ਮੈਂ ਆਉਣ ਵਾਲੇ ਸਾਲ ਲਈ "ਮੁੱਖ ਮੰਤਰੀ ਸਟਰੀਟ ਲਾਈਟ ਯੋਜਨਾ" ਲਈ 115 ਕਰੋੜ ਰੁਪਏ ਦਾ ਉਪਬੰਧ ਕਰ ਰਿਹਾ ਹਾਂ।

39. ਬਿਜਲੀ ਦੇ ਸੰਚਾਰ ਅਤੇ ਵੰਡ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ, ਮੌਜੂਦਾ ਸਾਲ ਵਿੱਚ, ਰਾਜ ਨੇ 16 ਨਵੇਂ 66 ਕੇ.ਵੀ ਸਬ-ਸਟੇਸ਼ਨ ਸ਼ੁਰੂ ਕੀਤੇ ਹਨ, 106 ਪਾਵਰ ਟ੍ਰਾਂਸਫਾਰਮਰਾਂ ਦਾ ਵਾਧਾ ਕੀਤਾ ਹੈ ਅਤੇ 1,500 ਕਿਲੋਮੀਟਰ ਨਵੀਆਂ ਟ੍ਰਾਂਸਮਿਸ਼ਨ ਲਾਈਨਾਂ ਵਿਛਾਈਆਂ ਹਨ। ਰੋਪੜ ਅਤੇ ਗੁਰਦਾਸਪੁਰ ਵਿਖੇ ਦੋ 400 ਕੇ.ਵੀ ਸਬ-ਸਟੇਸ਼ਨਾਂ ਦੇ ਸ਼ੁਰੂ ਹੋਣ ਦੇ ਨਾਲ-ਨਾਲ ਪ੍ਰਮੁੱਖ ਟ੍ਰਾਂਸਮਿਸ਼ਨ ਨੋਡਾਂ ਦੇ ਬਹੁ-ਸਮਰੱਥਾ ਵਾਲੇ ਅੱਪਗ੍ਰੇਡਾਂ ਨਾਲ ਪੰਜਾਬ ਦੀ ਬਿਜਲੀ ਭਰੋਸੇਯੋਗਤਾ ਕਾਫ਼ੀ ਮਜ਼ਬੂਤ ਹੋਈ ਹੈ।

40. ਮੈਂ ਵਿੱਤੀ ਸਾਲ 2025-26 ਲਈ ਘਰੇਲੂ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਪ੍ਰਦਾਨ ਕਰਨ ਲਈ 7,614 ਕਰੋੜ ਰੁਪਏ ਦੀ ਬਜਟ ਲਾਗਤ ਦੀ ਤਜਵੀਜ਼ ਰੱਖਦਾ ਹਾਂ।

## ਉਦਯੋਗ ਅਤੇ ਵਣਜ

41. ਜਨਾਬ, ਪੰਜਾਬ ਨੂੰ ਆਮ ਤੌਰ 'ਤੇ ਖੇਤੀਬਾੜੀ ਪ੍ਰਧਾਨ ਰਾਜ ਵਜੋਂ ਦੇਖਿਆ ਜਾਂਦਾ ਹੈ। ਹਾਲਾਂਕਿ, ਪਿਛਲੇ ਸਾਲਾਂ ਦੌਰਾਨ ਪੰਜਾਬ ਦੀ ਆਰਥਿਕਤਾ ਵਿੱਚ ਉਦਯੋਗ ਦਾ ਯੋਗਦਾਨ ਲਗਾਤਾਰ ਵਧਿਆ ਹੈ। ਅੱਜ, ਪੰਜਾਬ ਦੀ ਆਰਥਿਕਤਾ ਵਿੱਚ ਉਦਯੋਗ ਦਾ ਹਿੱਸਾ 27% ਹੈ, ਜੋ ਕਿ ਖੇਤੀਬਾੜੀ ਦੇ ਹਿੱਸੇ ਤੋਂ ਵੀ ਵੱਧ ਹੈ। ਅਸੀਂ ਪਿਛਲੀਆਂ ਸਰਕਾਰਾਂ ਦੇ ਮਾੜੇ ਸ਼ਾਸਨ ਦੇ ਬਾਵਜੂਦ ਇਹ ਵਾਧਾ ਹਾਸਲ ਕਰਨ ਦੇ ਯੋਗ ਹੋਏ ਹਾਂ, ਜਿਨ੍ਹਾਂ ਨੇ ਉਦਯੋਗ ਨੂੰ ਸਿਰਫ ਜਬਰੀ ਵਸੂਲੀ ਦੇ ਸਰੋਤ ਵਜੋਂ ਦੇਖਿਆ ਸੀ। ਇਹ ਸਪਸ਼ਟ ਹੈ ਕਿ ਜੇਕਰ ਪੰਜਾਬ ਦੇ ਉਦਯੋਗ ਨੇ ਵਿਸ਼ਵਵਿਆਪੀ ਮੁਕਾਬਲੇ ਦੇ ਸਾਹਮਣੇ ਖੜਨਾ ਅਤੇ ਪ੍ਰਫੁੱਲਤ ਹੋਣਾ ਹੈ ਤਾਂ ਇਸ ਨੂੰ ਊਰਜਾ ਦੇ ਨਵੇਂ ਸਰੋਤ ਦੀ ਲੋੜ ਹੈ। ਸਾਨੂੰ ਪੰਜਾਬ ਵਿੱਚ ਲੱਖਾਂ ਛੋਟੇ-ਵੱਡੇ ਨਵੇਂ ਕਾਰੋਬਾਰਾਂ ਦੇ ਵਧਣ-ਫੁੱਲਣ ਵਾਸਤੇ ਜ਼ਮੀਨ ਤਿਆਰ ਕਰਨ ਦੀ ਲੋੜ ਹੈ। ਇਹ ਸਾਡੇ ਨੌਜਵਾਨਾਂ ਲਈ ਮਿਆਰੀ ਨੌਕਰੀਆਂ ਪੈਦਾ ਕਰਨ ਦਾ ਇੱਕੋ ਇੱਕ ਤਰੀਕਾ ਹੈ। ਇਸ ਟੀਚੇ ਨੂੰ ਪ੍ਰਾਪਤ ਕਰਨ ਲਈ, ਪੰਜਾਬ ਸਰਕਾਰ ਸਾਰੇ ਹਿਤਧਾਰਕਾਂ ਨਾਲ ਵਿਆਪਕ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਇੱਕ ਨਵੀਂ ਉਦਯੋਗਿਕ ਨੀਤੀ ਲਿਆਏਗੀ। ਮੈਂ ਪੰਜਾਬ ਅਤੇ ਪੂਰੇ ਦੇਸ਼ ਦੇ ਸਾਰੇ ਉਦਯੋਗਪਤੀਆਂ ਅਤੇ ਉੱਦਮੀਆਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਸਾਡੀ ਨਵੀਂ ਉਦਯੋਗਿਕ ਨੀਤੀ ਭਾਰਤ ਵਿੱਚੋਂ ਸਭ ਤੋਂ ਵਧੀਆ ਹੋਵੇਗੀ ਅਤੇ ਪੰਜਾਬ ਵਿੱਚ ਉਦਯੋਗਿਕ ਵਿਕਾਸ ਅਤੇ ਰੁਜ਼ਗਾਰ ਪੈਦਾ ਕਰਨ ਲਈ ਪ੍ਰਗਤੀਸ਼ੀਲ ਮਾਹੌਲ ਪ੍ਰਦਾਨ ਕਰਨ ਦਾ ਰਾਹ ਪੱਧਰਾ ਕਰੇਗੀ।

42. ਸਪੀਕਰ ਸਾਹਿਬ, ਮੈਂ ਹੁਣ ਇੱਕ ਅਜਿਹੇ ਫੈਸਲੇ ਦਾ ਐਲਾਨ ਕਰਾਂਗਾ ਜੋ ਸੱਚਮੁੱਚ ਭਗਵੰਤ ਮਾਨ ਸਰਕਾਰ ਦੇ ਪੰਜਾਬ ਦੇ ਉਦਯੋਗ ਪ੍ਰਤੀ ਉੱਚੀ ਸੋਚ ਨੂੰ ਦਰਸਾਉਂਦਾ ਹੈ। ਅਸੀਂ ਵੱਖ-ਵੱਖ ਉਦਯੋਗਾਂ ਨੂੰ ਵਿੱਤੀ ਪ੍ਰੋਤਸਾਹਨ ਦੇਣ ਲਈ ਅਗਲੇ ਸਾਲ 250 ਕਰੋੜ ਰੁਪਏ ਦਾ ਇਤਿਹਾਸਕ ਉਪਬੰਧ ਕਰਨ ਦਾ ਫੈਸਲਾ ਕੀਤਾ ਹੈ ਜੋ ਪੰਜਾਬ ਦੇ ਇਤਿਹਾਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਡਾ

ਉਪਬੰਧ ਹੈ। ਪਿਛਲੀ ਕਾਂਗਰਸ ਸਰਕਾਰ ਨੇ ਆਪਣੇ ਪੰਜ ਸਾਲਾਂ ਦੇ ਕਾਰਜਕਾਲ ਵਿੱਚ ਉਦਯੋਗਾਂ ਨੂੰ ਵਿੱਤੀ ਪ੍ਰੋਤਸਾਹਨ ਦੇਣ ਲਈ ਸਿਰਫ਼ 53 ਕਰੋੜ ਰੁਪਏ ਖਰਚ ਕੀਤੇ ਸਨ ਅਤੇ ਉਸ ਤੋਂ ਪਹਿਲਾਂ ਦੀ ਅਕਾਲੀ-ਭਾਜਪਾ ਸਰਕਾਰ ਨੇ ਪੰਜ ਸਾਲਾਂ ਵਿੱਚ ਇੱਕ ਵੀ ਪੈਸਾ ਖਰਚ ਨਹੀਂ ਕੀਤਾ। ਇਹ ਸਪੱਸ਼ਟ ਤੁਲਨਾ ਤੋਂ ਜ਼ਾਹਿਰ ਹੈ ਕਿ ਪੰਜਾਬ ਵਿੱਚ ਉਦਯੋਗ ਦੀ ਤਰੱਕੀ ਅਤੇ ਖੁਸ਼ਹਾਲੀ ਦੀ ਸੱਚਮੁੱਚ ਪਰਵਾਹ ਕਰਨ ਵਾਲੀ ਸਿਰਫ਼ ਇਹੀ ਸਰਕਾਰ ਹੈ। ਸੋ, ਪਹਿਲਾਂ "ਪਰਿਵਾਰਵਾਦ ਵਾਲਾ ਪੰਜਾਬ" ਸੀ ਹੁਣ "ਪੰਜਾਬਵਾਦ ਵਾਲਾ ਪੰਜਾਬ" ਹੈ।

43. ਰਾਸ਼ਟਰੀ ਏਕਤਾ ਨੂੰ ਹੋਰ ਉਤਸ਼ਾਹਿਤ ਕਰਨ ਅਤੇ ਪੰਜਾਬ ਦੀ ਉਦਯੋਗਿਕ ਅਤੇ ਸੱਭਿਆਚਾਰਕ ਵਿਭਿੰਨਤਾ ਨੂੰ ਪ੍ਰਦਰਸ਼ਿਤ ਕਰਨ ਲਈ, ਰਾਜ ਨੇ ਅੰਮ੍ਰਿਤਸਰ ਵਿੱਚ ਯੂਨਿਟੀ ਮਾੱਲ ਬਣਾਉਣ ਦਾ ਪ੍ਰਸਤਾਵ ਰੱਖਿਆ ਹੈ। ਇਸ ਮਾੱਲ ਵਿੱਚ ਸਾਰੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਪੰਜਾਬ ਦੇ 23 ਜ਼ਿਲ੍ਹਿਆਂ ਦੇ ਸਟਾਲ ਹੋਣਗੇ, ਜੋ ਕਾਰੀਗਰਾਂ ਅਤੇ ਉੱਦਮੀਆਂ ਨੂੰ ਆਪਣੇ ਉਤਪਾਦਾਂ ਨੂੰ ਪ੍ਰਦਰਸ਼ਿਤ ਕਰਨ ਅਤੇ ਮਾਰਕੀਟ ਕਰਨ ਲਈ ਮੰਚ ਪ੍ਰਦਾਨ ਕਰਨਗੇ। ਵਿੱਤੀ ਸਾਲ 2025-26 ਵਿੱਚ ਇਸ ਉਦੇਸ਼ ਲਈ 80 ਕਰੋੜ ਰੁਪਏ ਦੀ ਰਕਮ ਰਾਖਵੀਂ ਰੱਖੀ ਗਈ ਹੈ।

44. ਸਾਡੇ ਐੱਮ.ਐੱਸ.ਐੱਮ.ਈ'ਜ਼ ਪੰਜਾਬ ਦੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ। ਰੇਜ਼ਿੰਗ ਐਂਡ ਐਕਸੇਲਰੇਟਿੰਗ ਐੱਮ.ਐੱਸ.ਐੱਮ.ਈ ਪਰਫਾਰਮੈਂਸ ਸਕੀਮ (RAMP) ਦੇ ਤਹਿਤ ਰਾਜ ਛੋਟੇ ਉੱਦਮਾਂ ਲਈ ਮਾਰਕੀਟ ਪਹੁੰਚ, ਵਿੱਤੀ ਸਹਾਇਤਾ ਅਤੇ ਤਕਨਾਲੋਜੀ ਵਿਚ ਵਾਧਾ ਕਰਨ ਲਈ 120 ਕਰੋੜ ਰੁਪਏ ਦੇ ਪ੍ਰੋਜੈਕਟ ਲਾਗੂ ਕਰ ਰਿਹਾ ਹੈ। ਇਸ ਤੋਂ ਇਲਾਵਾ ਨਵੀਨਤਾ ਅਤੇ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਵੱਲੋਂ ਅੰਮ੍ਰਿਤਸਰ, ਹੁਸ਼ਿਆਰਪੁਰ, ਜਲੰਧਰ, ਮੋਗਾ, ਪਟਿਆਲਾ ਅਤੇ ਐੱਸ.ਏ.ਐੱਸ. ਨਗਰ (ਮੋਹਾਲੀ) ਸਮੇਤ ਪ੍ਰਮੁੱਖ ਉਦਯੋਗਿਕ ਕੇਂਦਰਾਂ ਵਿੱਚ ਤਕਨਾਲੋਜੀ ਵਿਸਥਾਰ ਕੇਂਦਰ (TEC) ਸਥਾਪਤ ਕਰਨ ਦੀ ਸਹੂਲਤ ਦਿੱਤੀ ਜਾ ਰਹੀ ਹੈ।

45. ਮੈਂ 3426 ਕਰੋੜ ਰੁਪਏ ਦੇ ਬਜਟ ਉਪਬੰਧ ਦੀ ਤਜਵੀਜ਼ ਰੱਖੀ ਹੈ, ਜਿਸ ਵਿੱਚ ਉਦਯੋਗਿਕ ਖੇਤਰ ਦੀ ਬਿਜਲੀ ਸਬਸਿਡੀ ਵੀ ਸ਼ਾਮਲ ਹੈ। ਮੈਂ ਲੁਧਿਆਣਾ ਵਿੱਚ ਖੋਜ ਤੇ ਵਿਕਾਸ ਕੇਂਦਰ ਅਤੇ ਆਟੋ ਪਾਰਟਸ ਤੇ ਹੈਂਡ ਟੂਲਸ ਤਕਨਾਲੋਜੀ ਸੰਸਥਾ (IAHT) ਦੇ ਅਪਗ੍ਰੇਡੇਸ਼ਨ ਲਈ 10 ਕਰੋੜ ਰੁਪਏ ਦੇ ਵਿਸ਼ੇਸ਼ ਰਾਖਵੇਂਕਰਨ ਦੀ ਤਜਵੀਜ਼ ਵੀ ਰੱਖਦਾ ਹਾਂ।

## ਸੇਵਾਵਾਂ ਦੀ ਡੋਰ-ਸਟੈੱਪ ਡਿਲੀਵਰੀ ਅਤੇ ਸੇਵਾ ਕੇਂਦਰ

46. ਸਪੀਕਰ ਸਾਹਿਬ, ਹਰੇਕ ਪੰਜਾਬੀ ਨੂੰ ਭ੍ਰਿਸ਼ਟਾਚਾਰ-ਮੁਕਤ ਅਤੇ ਮੁਸ਼ਕਲ ਰਹਿਤ ਸ਼ਾਸਨ ਦੇਣਾ ਸਾਡੀ ਸਰਕਾਰ ਦਾ ਮੂਲ ਮਿਸ਼ਨ ਹੈ। ਅਸੀਂ ਦਸੰਬਰ 2023 ਵਿੱਚ 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਯੋਜਨਾ ਦੀ ਸ਼ੁਰੂਆਤ ਨਾਲ ਇਸ ਦਿਸ਼ਾ ਵਿੱਚ ਵੱਡਾ ਕਦਮ ਪੁੱਟਿਆ ਹੈ। ਪੰਜਾਬ ਦੇ ਲੋਕਾਂ ਨੇ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ, ਇਹ ਕ੍ਰਿਸ਼ਮਾ ਦੇਖਿਆ ਕਿ ਉਨ੍ਹਾਂ ਨੂੰ ਆਪਣਾ ਕੰਮ ਕਰਵਾਉਣ ਲਈ ਕਿਸੇ ਸਰਕਾਰੀ ਦਫ਼ਤਰ ਨਹੀਂ ਜਾਣਾ ਪਵੇਗਾ। ਇਸ ਦੀ ਬਜਾਏ, ਉਹ ਸਿਰਫ਼ 1076 ਨੰਬਰ 'ਤੇ ਕਾਲ ਕਰ ਸਕਦੇ ਸਨ ਅਤੇ 'ਸੇਵਾ ਸਹਾਇਕ' ਉਨ੍ਹਾਂ ਦੇ ਘਰ ਆ ਕੇ ਬਿਨਾ ਕਿਸੇ ਭ੍ਰਿਸ਼ਟਾਚਾਰ ਦੇ ਉਨ੍ਹਾਂ ਦਾ ਕੰਮ ਕਰੇਗਾ। ਅਸੀਂ 2023 ਵਿੱਚ 43 ਸੇਵਾਵਾਂ ਨਾਲ ਇਹ ਸੇਵਾ ਸ਼ੁਰੂ ਕੀਤੀ ਸੀ। ਪਿਛਲੇ ਮਹੀਨੇ ਤੱਕ, ਅਸੀਂ 29 ਹੋਰ ਵਿਭਾਗਾਂ ਵਿੱਚ ਇਨ੍ਹਾਂ ਸੇਵਾਵਾਂ ਨੂੰ 406 ਤੱਕ ਵਧਾਉਣ ਦਾ ਵੱਡਾ ਕਦਮ ਚੁੱਕਿਆ ਹੈ। ਅਸੀ ਆਉਣ ਵਾਲੇ ਸਾਲ ਵਿੱਚ 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਯੋਜਨਾ ਦੀ ਪਹੁੰਚ ਦਾ ਵਿਸਥਾਰ ਕਰਦੇ ਹੋਏ ਹੋਰ ਵੀ ਸੇਵਾਵਾਂ ਨੂੰ ਕਵਰ ਕਰਨਾ ਜਾਰੀ ਰੱਖਾਂਗੇ। ਭਾਵੇਂ ਇਹ ਸਕੀਮ ਪਹਿਲਾਂ ਹੀ ਬਹੁਤ ਮਸ਼ਹੂਰ ਹੈ, ਪਰ ਸਾਨੂੰ ਫੀਡਬੈਕ ਮਿਲਿਆ ਹੈ ਕਿ 'ਸੇਵਾ ਸਹਾਇਕ' ਵੱਲੋਂ ਨਾਗਰਿਕਾਂ ਦੇ ਦਰਵਾਜ਼ੇ 'ਤੇ ਕੋਈ ਵੀ ਸਰਕਾਰੀ ਸੇਵਾ ਪਹੁੰਚਾਉਣ ਵਾਸਤੇ ਲਈ ਜਾਂਦੀ 120 ਰੁਪਏ ਦੀ ਸਰਵਿਸ ਫ਼ੀਸ ਦੇਣਾ ਕੁਝ ਲੋਕਾਂ ਲਈ ਮੁਸ਼ਕਲ ਹੈ। ਸਪੀਕਰ ਸਾਹਿਬ, ਸਾਡਾ ਪੱਕਾ ਵਿਸ਼ਵਾਸ ਹੈ ਕਿ ਸਰਕਾਰੀ ਸੇਵਾਵਾਂ ਦੀ ਡੋਰ ਸਟੈਪ ਡਲਿਵਰੀ ਦੇਣਾ ਕੋਈ ਕੋਈ ਵਿਸ਼ੇਸ਼

ਸਹੂਲਤ ਨਹੀਂ ਹੈ, ਇਹ ਹਰ ਕਿਸੇ ਦਾ ਹੱਕ ਹੈ। ਕਿਸੇ ਨੂੰ ਵੀ ਸਹੂਲਤ ਅਤੇ ਸਮਰੱਥਾ ਵਿੱਚੋਂ ਕਿਸੇ ਇੱਕ ਦੀ ਚੋਣ ਕਰਨ ਦੀ ਨੌਬਤ ਨਹੀਂ ਆਉਣੀ ਚਾਹੀਦੀ। ਇਸੇ ਲਈ, ਇਸ ਸਾਲ ਤੋਂ, ਅਸੀਂ ਸਰਕਾਰੀ ਸੇਵਾਵਾਂ ਦੀ ਡੋਰ ਸਟੈੱਪ ਡਲਿਵਰੀ ਪ੍ਰਾਪਤ ਕਰਨ ਦੀ ਸਰਵਿਸ ਫੀਸ 120 ਰੁਪਏ ਤੋਂ ਘਟਾ ਕੇ ਸਿਰਫ਼ 50 ਰੁਪਏ ਕਰ ਰਹੇ ਹਾਂ। ਪ੍ਰਦਾਨ ਕੀਤੀ ਜਾਣ ਵਾਲੀ ਹਰੇਕ ਸੇਵਾ ਲਈ ਬਾਕੀ 70 ਰੁਪਏ ਪੰਜਾਬ ਸਰਕਾਰ ਅਦਾ ਕਰੇਗੀ।

47. ਸਭ ਘਰਾਂ ਤੱਕ ਸੇਵਾਵਾਂ ਪਹੁੰਚਾਉਣ ਦੇ ਨਾਲ-ਨਾਲ, ਪੰਜਾਬ ਸਰਕਾਰ 541 ਸੇਵਾ ਕੇਂਦਰ ਵੀ ਚਲਾ ਰਹੀ ਹੈ ਜੋ 438 ਸੇਵਾਵਾਂ ਪ੍ਰਦਾਨ ਕਰਦੇ ਹਨ। ਪੰਜਾਬ ਭਰ ਵਿੱਚ ਹਰ ਰੋਜ਼ ਲਗਭਗ 30,000 ਲੋਕ, ਇਨ੍ਹਾਂ ਸੇਵਾ ਕੇਂਦਰਾਂ ਵਿੱਚ ਆਉਂਦੇ ਹਨ। ਸਾਡੀ ਸਰਕਾਰ ਉਨ੍ਹਾਂ ਸਾਰੇ ਨਾਗਰਿਕਾਂ ਦੀ ਸੌਖ ਅਤੇ ਸਹੂਲਤ ਦਾ ਖਿਆਲ ਰੱਖਦੀ ਹੈ ਜੋ ਸੇਵਾ ਕੇਂਦਰ ਤੱਕ ਜਾਂਦੇ ਹਨ। ਇਸ ਲਈ ਸਰਕਾਰ ਨੇ ਸੇਵਾ ਕੇਂਦਰ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਅਤੇ ਆਧੁਨਿਕ ਬਣਾਉਣ ਦਾ ਫੈਸਲਾ ਕੀਤਾ ਹੈ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਹਰੇਕ ਸੇਵਾ ਕੇਂਦਰ ਨੂੰ ਸਾਲ ਭਰ ਵਿੱਚ ਆਧੁਨਿਕ ਰੂਪ ਦਿੱਤਾ ਜਾਵੇ, ਜਿਸ ਵਿੱਚ ਆਰਾਮ ਲਈ ਏਅਰ ਕੰਡੀਸ਼ਨਰ-ਕਮ-ਹੀਟਿੰਗ ਸਿਸਟਮ, ਬੈਠਣ ਲਈ ਖੁੱਲ੍ਹੀ ਅਤੇ ਆਰਾਮਦਾਇਕ ਜਗ੍ਹਾ, ਸਹੀ ਰੋਸ਼ਨੀ, ਸਾਫ਼-ਸੁਥਰੇ ਪਖਾਨੇ ਅਤੇ ਨਿਰਵਿਘਨ ਨੈਵੀਗੇਸ਼ਨ ਨੂੰ ਯਕੀਨੀ ਬਣਾਉਣ ਲਈ ਉਪਭੋਗਤਾ-ਅਨੁਕੂਲ ਸੰਕੇਤ ਚਿੰਨ੍ਹ ਹੋਣ।

## ਸਮਾਜਿਕ ਨਿਆਂ ਅਤੇ ਅਨੁਸੂਚਿਤ ਜਾਤੀਆਂ ਦੀ ਭਲਾਈ

48. ਸਪੀਕਰ ਸਾਹਿਬ, 'ਬਦਲਦਾ ਪੰਜਾਬ' ਵਿੱਚ ਸਰਕਾਰ ਦਾ ਮਕਸਦ ਸਮਾਜ ਦੇ ਹਰ ਵਰਗ ਦਾ ਖ਼ਿਆਲ ਰੱਖਣਾ ਹੈ। ਸਾਡੇ ਅਨੁਸੂਚਿਤ ਜਾਤੀਆਂ ਦੇ ਭੈਣਾਂ-ਭਰਾਵਾਂ ਨੂੰ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਨਿਗਮ (PSCFC) ਤੋਂ ਲਏ ਗਏ ਕਰਜ਼ਿਆਂ ਕਾਰਨ ਡਿਫ਼ਾਲਟਰ ਹੋਣ ਦਾ ਮੁੱਦਾ ਬੜਾ ਚਿੰਤਤ ਕਰਦਾ ਹੈ। ਹਾਲਾਂਕਿ ਜ਼ਿਆਦਾਤਰ ਲੋਕਾਂ ਨੇ ਲਿਆ ਕਰਜ਼ਾ ਵਾਪਸ ਕਰ ਦਿੱਤਾ

ਹੈ, ਪਰ ਕੁਝ ਵਾਜਿਬ ਕਾਰਨਾਂ ਜਿਵੇਂ ਲਾਭਪਾਤਰੀ ਦੇ ਕਾਰੋਬਾਰ ਦੀ ਅਸਫ਼ਲਤਾ, ਲਾਭਪਾਤਰੀ ਦੀ ਮੌਤ ਅਤੇ ਪਰਿਵਾਰ ਵਿੱਚ ਕੋਈ ਹੋਰ ਕਮਾਉਣ ਵਾਲਾ ਮੈਂਬਰ ਨਾ ਹੋਣਾ, ਲਾਭਪਾਤਰੀ ਦੇ ਘਰ ਵਿੱਚ ਕਿਸੇ ਹੋਰ ਮੈਂਬਰ ਦੀ ਲੰਬੀ ਬਿਮਾਰੀ ਜਾਂ ਆਮਦਨ ਦਾ ਕੋਈ ਹੋਰ ਸਰੋਤ ਨਾ ਹੋਣਾ ਜਾਂ ਕਿਸੇ ਕੁਦਰਤੀ ਆਫ਼ਤ ਦਾ ਸ਼ਿਕਾਰ ਹੋਣਾ ਆਦਿ ਕਰ ਕੇ ਕੁਝ ਲਾਭਪਾਤਰੀ ਕਰਜ਼ਾ ਵਾਪਸ ਨਹੀਂ ਕਰ ਸਕੇ ਹਨ। ਕੁਝ ਮਾਮਲਿਆਂ ਵਿੱਚ, ਪਰਿਵਾਰਾਂ ਨੂੰ ਕਰਜ਼ਿਆਂ ਦੀ ਅਦਾਇਗੀ ਲਈ ਆਪਣਾ ਘਰ ਅਤੇ ਜਾਇਦਾਦ ਵੇਚਣੀ ਪਈ ਹੈ ਜਿਸ ਕਾਰਨ ਉਹ ਗਰੀਬੀ ਵੱਲ ਧੱਕੇ ਜਾਂਦੇ ਹਨ। ਸਾਡੀ ਸਰਕਾਰ ਨੇ ਇਸ ਸਥਿਤੀ ਪ੍ਰਤੀ ਮਾਨਵਵਾਦੀ ਦ੍ਰਿਸ਼ਟੀਕੋਣ ਅਪਣਾਇਆ ਹੈ ਅਤੇ ਮੈਂ ਅੱਜ PSCFC ਰਾਹੀਂ ਮਿਤੀ 31.03.2020 ਤੱਕ ਲਏ ਗਏ ਸਾਰੇ ਕਰਜ਼ਿਆਂ ਦੀ ਮੁਆਫ਼ੀ ਦਾ ਐਲਾਨ ਕਰਨਾ ਚਾਹਾਂਗਾ। ਇਸ ਕਰਜ਼ਾ ਮੁਆਫ਼ੀ ਪ੍ਰੋਗਰਾਮ ਤੋਂ ਕੁੱਲ 4,650 ਵਿਅਕਤੀਆਂ ਨੂੰ ਲਾਭ ਹੋਵੇਗਾ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਦੁਬਾਰਾ ਖੁਸ਼ਹਾਲ ਬਣਾਉਣ ਦਾ ਮੌਕਾ ਮਿਲੇਗਾ।

49. ਸਾਡੀ ਸਰਕਾਰ ਜੀਵਨ ਦੇ ਹਰ ਪੜਾਅ ’ਤੇ ਨਾਗਰਿਕਾਂ ਦੀ ਉੱਨਤੀ, ਸਮਾਵੇਸ਼ੀ ਸਮਰਥਨ, ਸਮਾਨਤਾ ਅਤੇ ਸਸ਼ਕਤੀਕਰਨ ਨੂੰ ਨਿਰੰਤਰ ਯਕੀਨੀ ਬਣਾਉਣ ਲਈ ਸਮਰਪਿਤ ਰਹੇਗੀ। ਵਿੱਤੀ ਸਾਲ 2025-26 ਲਈ ਕੁੱਲ 9,340 ਕਰੋੜ ਰੁਪਏ ਰਾਖਵੇਂ ਰੱਖਣ ਦੀ ਤਜਵੀਜ਼ ਹੈ, ਜੋ ਸਮਾਜਿਕ ਨਿਆਂ ਅਤੇ ਅਧਿਕਾਰਤਾ ਨੂੰ ਉਤਸ਼ਾਹਿਤ ਕਰਦੇ ਹੋਏ ਗਰਭ ਧਾਰਨ ਤੋਂ ਲੈ ਕੇ ਬੁਢਾਪੇ ਤੱਕ ਵਿਆਪਕ ਸਹਾਇਤਾ ਨੂੰ ਯਕੀਨੀ ਬਣਾਏਗਾ। ਇਸ ਵਿੱਚ ਬਜ਼ੁਰਗਾਂ, ਵਿਧਵਾਵਾਂ, ਬੇਸਹਾਰਾ ਔਰਤਾਂ, ਅਨਾਥਾਂ ਅਤੇ ਦਿਵਯਾਂਗ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 6,175 ਕਰੋੜ ਰੁਪਏ ਸ਼ਾਮਲ ਹਨ।

50. ਇਸ ਤੋਂ ਇਲਾਵਾ ਵਿੱਤੀ ਸਾਲ 2025-26 ਲਈ ਪੋਸ਼ਣ ਅਤੇ ਆਈ.ਸੀ.ਡੀ.ਐੱਸ. ਯੋਜਨਾ ਲਈ 1,177 ਕਰੋੜ ਰੁਪਏ, ਆਸ਼ੀਰਵਾਦ ਯੋਜਨਾ ਲਈ 360 ਕਰੋੜ ਰੁਪਏ, ਵੱਖ-ਵੱਖ ਵਜ਼ੀਫਾ

ਪ੍ਰੋਗਰਾਮਾਂ ਲਈ 262 ਕਰੋੜ ਰੁਪਏ ਅਤੇ ਪ੍ਰਧਾਨ ਮੰਤਰੀ ਜਨ ਵਿਕਾਸ ਕਾਰਯਕ੍ਰਮ ਦੇ ਅਧੀਨ 170 ਕਰੋੜ ਰੁਪਏ ਦਾ ਉਪਬੰਧ ਵੀ ਸ਼ਾਮਲ ਹੈ।

51. ਮਾਣਯੋਗ ਸਪੀਕਰ ਸਰ, ਮੈਨੂੰ ਇਹ ਸਾਂਝਾ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਇਸ ਸਾਲ ਪੰਜਾਬ ਵਿੱਚ ਔਰਤਾਂ ਨੇ ਮੁਫ਼ਤ ਬੱਸ ਯਾਤਰਾ ਦੀ ਸਹੂਲਤ ਦੀ ਵਰਤੋਂ ਕਰ ਕੇ ਰਾਜ ਵਿਚ 12 ਕਰੋੜ ਤੋਂ ਵੱਧ ਯਾਤਰਾਵਾਂ ਦਾ ਲਾਭ ਉਠਾਇਆ ਹੈ, ਜਿਸ ਲਈ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ ਵਿਚ 450 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਇਸ ਸੇਵਾ ਦੀ ਨਿਰੰਤਰ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ, ਵਿੱਤੀ ਸਾਲ 2025-26 ਲਈ ਵੀ 450 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ।

52. ਅਸੀਂ ਹਾਸ਼ੀਆਗ੍ਰਸਤ- ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਅਤੇ ਸਾਰੇ ਦਲਿਤ ਵਰਗਾਂ ਦੇ ਵਿਕਾਸ ਪ੍ਰਤੀ ਸਾਡੀ ਅਟੁੱਟ ਵਚਨਬੱਧਤਾ ਤਹਿਤ, ਵਿੱਤੀ ਸਾਲ 2025-26 ਵਿੱਚ ਅਨੁਸੂਚਿਤ ਜਾਤੀਆਂ ਉਪ-ਯੋਜਨਾ (ਐੱਸ.ਸੀ.ਐੱਸ.ਪੀ) ਲਈ 13,987 ਕਰੋੜ ਰੁਪਏ ਰਾਖਵੇਂ ਰੱਖੇ ਹਨ, ਜੋ ਰਾਜ ਦੇ ਕੁੱਲ ਵਿਕਾਸ ਬਜਟ ਦਾ 34% ਹੈ।

## ਖੇਤੀਬਾੜੀ ਅਤੇ ਕਿਸਾਨ ਭਲਾਈ

ਮਾਣਯੋਗ ਸਪੀਕਰ ਸਾਹਿਬ,

53. ਸਾਡੀ ਸਰਕਾਰ ਹਮੇਸ਼ਾ ਸਾਡੇ ਕਿਸਾਨਾਂ ਨੂੰ ਪਹਿਲ ਦਿੰਦੇ ਹੋਏ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਸਮਰਥਨ ਵਿੱਚ ਮਜ਼ਬੂਤੀ ਨਾਲ ਖੜ੍ਹੀ ਹੈ। ਇਸ ਸਾਲ ਦਾ ਬਜਟ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀਬਾੜੀ ਨੂੰ ਟਿਕਾਊ ਅਤੇ ਲਾਭਦਾਇਕ ਉੱਦਮ ਬਣਾਉਣ ਦੇ ਉਦੇਸ਼ ਨਾਲ ਨਵੇਂ ਕਦਮ ਚੁੱਕਦੇ ਹੋਏ ਇਸ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ। ਟੀਚਾਬੱਧ ਨੀਤੀਆਂ, ਵਿੱਤੀ ਸਹਾਇਤਾ ਅਤੇ

ਨਵੀਨਤਾਕਾਰੀ ਪਹਿਲਕਦਮੀਆਂ ਰਾਹੀਂ, ਅਸੀਂ ਆਪਣੇ ਕਿਸਾਨ ਭਾਈਚਾਰੇ ਨੂੰ ਤਾਕਤਵਰ ਬਣਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਉਨ੍ਹਾਂ ਦੀ ਖੁਸ਼ਹਾਲੀ ਨੂੰ ਸੁਰੱਖਿਅਤ ਕਰਨ ਦੀ ਕੋਸ਼ਿਸ਼ ਕਰਦੇ ਹਾਂ।

54. ਅਗਲੇ ਵਿੱਤੀ ਸਾਲ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ 14,524 ਕਰੋੜ ਰੁਪਏ ਰੱਖੇ ਗਏ ਹਨ ਜੋ ਪਿਛਲੇ ਸਾਲ ਨਾਲੋਂ 5% ਦਾ ਵਾਧਾ ਹੈ।

55. ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ, ਸਾਉਣੀ ਮੱਕੀ ਦੀ ਫ਼ਸਲ ਲਈ ਤਿੰਨ ਜ਼ਿਲ੍ਹਿਆਂ ਬਠਿੰਡਾ, ਕਪੂਰਥਲਾ ਅਤੇ ਗੁਰਦਾਸਪੁਰ ਨੂੰ ਕਵਰ ਕਰਨ ਵਾਲੀ ਨਵੀਂ ਸਕੀਮ ਸ਼ੁਰੂ ਕੀਤੀ ਜਾ ਰਹੀ ਹੈ। ਭਾਰਤ ਸਰਕਾਰ ਦੁਆਰਾ ਸਾਲ 2025 ਤੱਕ ਈਥਾਨੌਲ ਦੇ 20% ਮਿਸ਼ਰਣ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਈਥਾਨੌਲ ਦੇ ਉਤਪਾਦਨ ਨੂੰ ਉਤਸ਼ਾਹਿਤ ਕਰਨ ਲਈ ਝੋਨੇ ਤੋਂ ਸਾਉਣੀ ਮੱਕੀ ਤੱਕ ਕੁੱਲ 21,000 ਹੈਕਟੇਅਰ ਖੇਤਰ ਨੂੰ ਵਿਭਿੰਨਤਾ ਪ੍ਰਦਾਨ ਕੀਤੀ ਜਾਵੇਗੀ। ਕਿਸਾਨਾਂ ਨੂੰ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ 17,500/- ਪ੍ਰਤੀ ਹੈਕਟੇਅਰ ਦੀ ਸਬਸਿਡੀ ਮਿਲੇਗੀ। ਇਸ ਪ੍ਰੋਜੈਕਟ ਨਾਲ ਕੁੱਲ 30,000 ਕਿਸਾਨਾਂ ਨੂੰ ਲਾਭ ਮਿਲੇਗਾ। ਇਸ ਤੋਂ ਇਲਾਵਾ, ਫਸਲੀ ਵਿਭਿੰਨਤਾ ਦੇ ਉਦੇਸ਼ ਨਾਲ ਵੱਖ-ਵੱਖ ਪਹਿਲਕਦਮੀਆਂ ਲਈ 115 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

56. ਖੇਤੀ ਵਿਸਥਾਰ, ਭੋਜਨ ਸੁਰੱਖਿਆ ਨੂੰ ਵਧਾਉਣਾ, ਬਾਗਬਾਨੀ ਨੂੰ ਉਤਸ਼ਾਹਿਤ ਕਰਨਾ, ਬੀਜ ਵਿਕਾਸ, ਖਾਣ ਵਾਲੇ ਤੇਲ ਦੇ ਉਤਪਾਦਨ ਨੂੰ ਹੁਲਾਰਾ ਦੇਣਾ ਅਤੇ ਡਿਜੀਟਲ ਖੇਤੀ ਨੂੰ ਅੱਗੇ ਵਧਾਉਣ ਸਮੇਤ ਮਹੱਤਵਪੂਰਨ ਗਤੀਵਿਧੀਆਂ ਨੂੰ ਸਮਰਥਨ ਦੇਣ ਲਈ ਕ੍ਰਿਸ਼ੋਨਤੀ ਯੋਜਨਾ ਦੇ ਤਹਿਤ ਵਿੱਤੀ ਸਾਲ 2025-26 ਵਿੱਚ 149 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ।

## ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ

57. ਪਰਾਲੀ ਸਾੜਨਾ ਰਾਸ਼ਟਰੀ ਚਿੰਤਾ ਦਾ ਵਿਸ਼ਾ ਬਣ ਗਿਆ ਹੈ ਅਤੇ ਪੰਜਾਬ ਸਰਕਾਰ ਇਸ ਨੂੰ ਹੱਲ ਕਰਨ ਲਈ ਵਚਨਬੱਧ ਹੈ। ਅਸੀਂ ਵਾਤਾਵਰਣ ਦੀ ਸੁਰੱਖਿਆ ਅਤੇ ਸਾਡੇ ਕਿਸਾਨਾਂ ਦੀ ਭਲਾਈ ਦੋਵਾਂ ਨੂੰ ਯਕੀਨੀ ਬਣਾਉਣ ਲਈ, ਇਸ ਮੁੱਦੇ ਨੂੰ ਰੋਕਣ ਲਈ ਵਾਤਾਵਰਣ-ਅਨੁਕੂਲ ਵਿਕਲਪਾਂ ਦੀ ਸਰਗਰਮੀ ਨਾਲ ਖੋਜ ਕਰ ਰਹੇ ਹਾਂ ਅਤੇ ਲਾਗੂ ਕਰ ਰਹੇ ਹਾਂ।

58. ਸਥਿਰਤਾ ਅਤੇ ਵਾਤਾਵਰਣ ਸੰਬੰਧੀ ਜ਼ਿੰਮੇਵਾਰੀ ਵੱਲ ਇੱਕ ਵੱਡੇ ਕਦਮ ਵਜੋਂ, ਪੰਜਾਬ ਸਰਕਾਰ ਨੇ ਪਰਾਲੀ-ਅਧਾਰਤ ਬਾਇਲਰਾਂ ਵੱਲ ਜਾਣ ਵਾਲੇ ਉਦਯੋਗਾਂ ਨੂੰ ਸਮਰਥਨ ਦੇਣ ਲਈ 60 ਕਰੋੜ ਰੁਪਏ ਦੀ ਪੂੰਜੀ ਸਬਸਿਡੀ ਰੱਖੀ ਹੈ। ਇਸ ਪਹਿਲਕਦਮੀ ਨਾਲ ਸਾਲਾਨਾ 30 ਲੱਖ ਟਨ ਝੋਨੇ ਦੀ ਪਰਾਲੀ ਦੀ ਵਰਤੋਂ ਹੋਣ ਦੀ ਉਮੀਦ ਹੈ, ਜਿਸ ਨਾਲ ਨਵਿਆਉਣਯੋਗ ਊਰਜਾ ਹੱਲਾਂ ਨੂੰ ਉਤਸ਼ਾਹਿਤ ਕਰਦੇ ਹੋਏ ਹਵਾ ਪ੍ਰਦੂਸ਼ਣ ਨੂੰ ਸਾਰਥਿਕ ਤੌਰ 'ਤੇ ਰੋਕਿਆ ਜਾ ਸਕਦਾ ਹੈ। ਉਦਯੋਗਾਂ ਵੱਲੋਂ ਉਤਸ਼ਾਹੀ ਹੁੰਗਾਰਾ, ਜਿਸ ਵਿੱਚ 25 ਤੋਂ ਵੱਧ ਹਿੱਸੇਦਾਰ ਪਹਿਲਾਂ ਹੀ ਦਿਲਚਸਪੀ ਦਿਖਾ ਰਹੇ ਹਨ, ਵੱਡੇ ਪੱਧਰ 'ਤੇ ਅਪਣਾਉਣ ਦੀ ਸੰਭਾਵਨਾ ਨੂੰ ਉਜਾਗਰ ਕਰਦਾ ਹੈ। ਇਹ ਨੀਤੀ ਨਾ ਸਿਰਫ਼ ਪਰਾਲੀ ਸਾੜਨ ਦੇ ਮੁੱਦੇ ਨੂੰ ਹੱਲ ਕਰਦੀ ਹੈ ਬਲਕਿ ਉਦਯੋਗਿਕ ਨਵੀਨਤਾ ਅਤੇ ਵਾਤਾਵਰਣ ਲਚਕੀਲੇਪਣ ਨੂੰ ਵੀ ਉਤਸ਼ਾਹਿਤ ਕਰਦੀ ਹੈ, ਪੰਜਾਬ ਨੂੰ ਟਿਕਾਊ ਵਿਕਾਸ ਵਿੱਚ ਮੋਹਰੀ ਬਣਾਏਗੀ।

59. ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ, ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਦੀ ਸਹਾਇਤਾ ਲਈ 500 ਕਰੋੜ ਰੁਪਏ ਰਾਖਵੇਂ ਕੀਤੇ ਗਏ ਹਨ। ਸੀ.ਆਰ.ਐੱਮ. ਮਸ਼ੀਨਾਂ ਦੀ ਖਰੀਦ, ਕਿਰਾਏ 'ਤੇ ਮਸ਼ੀਨਰੀ ਦੇਣ ਵਾਲੇ ਕੇਂਦਰਾਂ ਦੀ ਸਥਾਪਨਾ (ਕਸਟਮ ਹਾਇਰਿੰਗ ਸੈਂਟਰਾਂ ਦੀ ਸਥਾਪਨਾ) ਅਤੇ ਪਰਾਲੀ ਸਪਲਾਈ ਚੇਨ ਕੇਂਦਰਾਂ ਦੇ ਵਿਕਾਸ ਲਈ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਦੇ ਨਾਲ ਹੀ ਕਿਸਾਨਾਂ ਨੂੰ ਰਹਿੰਦ-ਖੂੰਹਦ ਦੇ ਵਧੀਆ

ਪ੍ਰਬੰਧਨ ਦੇ ਤਰੀਕਿਆਂ ਬਾਰੇ ਜਾਗਰੂਕ ਕਰਨ ਅਤੇ ਸੰਵੇਦਨਸ਼ੀਲ ਬਣਾਉਣ ਲਈ ਕਦਮ ਚੁੱਕੇ ਜਾਣਗੇ।

## ਕਿਸਾਨਾਂ ਨੂੰ ਮੁਫ਼ਤ ਬਿਜਲੀ

60. ਰਾਜ ਦੇ ਕਿਸਾਨਾਂ ਦੀ ਸਹਾਇਤਾ ਲਈ, ਖੇਤੀਬਾੜੀ ਸੈਕਟਰ ਨੂੰ ਬਿਜਲੀ ਸਬਸਿਡੀ ਪ੍ਰਦਾਨ ਕਰਨ ਲਈ ਵਿੱਤੀ ਸਾਲ 2025-26 ਦੇ ਬਜਟ ਵਿੱਚ 9,992 ਕਰੋੜ ਰੁਪਏ ਰਾਖਵੇਂ ਕੀਤੇ ਗਏ ਹਨ।

## ਬਾਗ਼ਬਾਨੀ

61. ਮਾਣਯੋਗ ਸਪੀਕਰ ਸਾਹਿਬ, ਪੰਜਾਬ ਨੇ ਖੇਤੀਬਾੜੀ ਅਤੇ ਬਾਗ਼ਬਾਨੀ ਦੇ ਵਿਕਾਸ ਵਿੱਚ ਆਪਣਾ ਉੱਤਮ ਦਰਜੇ ਦਾ ਪ੍ਰਦਰਸ਼ਨ ਕੀਤਾ ਹੈ, ਜਿਸ ਕਰ ਕੇ ਪੰਜਾਬ ਨੂੰ 2023-24 ਲਈ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਯੋਜਨਾ ਦੇ ਤਹਿਤ ਦੇਸ਼ ਵਿੱਚ ਸਭ ਤੋਂ ਵੱਧ ਪ੍ਰਵਾਨਿਤ ਪ੍ਰੋਜੈਕਟਾਂ ਦੇ ਨਾਲ ਸਰਵੋਤਮ ਪ੍ਰਦਰਸ਼ਨ ਕਰਨ ਵਾਲੇ ਰਾਜ ਵਜੋਂ ਸਨਮਾਨਿਤ ਕੀਤਾ ਗਿਆ ਹੈ।

62. ਰਾਜ ਵਿੱਚ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ, ਵਿੱਤੀ ਸਾਲ 2025-26 ਵਿੱਚ ਨਵੀਂ ਪਹਿਲਕਦਮੀ ਦੀ ਤਜਵੀਜ਼ ਹੈ, ਜਿਸ ਤਹਿਤ ਸ਼ੁਰੂ ਵਿੱਚ ਅੰਮ੍ਰਿਤਸਰ, ਐੱਸ.ਬੀ.ਐੱਸ. ਨਗਰ, ਰੂਪਨਗਰ, ਐੱਸ.ਏ.ਐੱਸ.ਨਗਰ (ਮੋਹਾਲੀ) ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਨੂੰ ਸ਼ਾਮਲ ਕੀਤਾ ਜਾਵੇਗਾ। ਇਸ ਪਹਿਲਕਦਮੀ ਵਿੱਚ ਜਾਗਰੂਕਤਾ ਪ੍ਰੋਗਰਾਮ, ਕਲੱਸਟਰ ਦਾ ਗਠਨ, ਕ੍ਰਿਸ਼ੀ ਸਖੀ ਸਹਾਇਤਾ, ਇਨਪੁਟ ਸਰੋਤ ਕੇਂਦਰ, ਕਿਸਾਨ ਪ੍ਰੋਤਸਾਹਨ, ਸਰਟੀਫਿਕੇਸ਼ਨ, ਸਿਖਲਾਈ ਅਤੇ ਸਟਾਰਟਰ ਕਿਟ ਸ਼ਾਮਲ ਹੋਣਗੇ। ਵਿੱਤੀ ਸਾਲ 2025-26 ਵਿਚ ਵਿਭਾਗ ਦੀਆਂ ਵੱਖ-ਵੱਖ ਪਹਿਲਕਦਮੀਆਂ ਲਈ ਕੁੱਲ 137 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ।

## ਮਿੱਟੀ ਅਤੇ ਪਾਣੀ ਦੀ ਸੰਭਾਲ

ਸਪੀਕਰ ਸਾਹਿਬ,

63. ਸੰਗਰੂਰ ਜ਼ਿਲ੍ਹੇ ਵਿੱਚ ਨਹਿਰੀ ਸਿੰਚਾਈ ਦੇ ਬਿਹਤਰੀਕਰਨ ਵਾਸਤੇ, ਵਿੱਤੀ ਸਾਲ 2025-26 ਲਈ 38,000 ਹੈਕਟੇਅਰ ਤੋਂ ਵੱਧ ਰਕਬੇ ਵਿੱਚ ਵਿਸ਼ਾਲ ਜ਼ਮੀਨਦੋਜ਼ ਪਾਈਪਲਾਈਨ ਜਾਲ ਵਿਛਾਉਣ ਅਤੇ 20,000 ਕਿਸਾਨ ਪਰਿਵਾਰਾਂ ਨੂੰ ਲਾਭ ਪਹੁੰਚਾਉਣ ਲਈ ਇੱਕ ਵੱਡੀ ਪਹਿਲਕਦਮੀ ਦੀ ਤਜਵੀਜ਼ ਰੱਖੀ ਗਈ ਹੈ। ਇਸ ਪ੍ਰੋਜੈਕਟ ਨੂੰ ਸ਼ੁਰੂ ਕਰਨ ਲਈ 100 ਕਰੋੜ ਰੁਪਏ ਦੇ ਉਪਬੰਧ ਰਾਖਵੇਂ ਰੱਖੇ ਗਏ ਹਨ।

64. ਇਸ ਦੇ ਨਾਲ ਹੀ ਫਾਜ਼ਿਲਕਾ ਜ਼ਿਲ੍ਹੇ ਵਿੱਚ ਸੇਮ ਵਾਲੀ ਜ਼ਮੀਨ ਵਿਚ ਸੁਧਾਰ ਕਰਨ ਲਈ ਨਵਾਂ ਪ੍ਰੋਜੈਕਟ ਤਜਵੀਜ਼ ਕੀਤਾ ਗਿਆ ਹੈ। ਕੰਢੀ ਖੇਤਰ ਵਿੱਚ ਸਿੰਚਾਈ ਦੇ ਬੁਨਿਆਦੀ ਢਾਂਚੇ ਨੂੰ ਵਿਕਸਿਤ ਕਰਨ, ਮਾਈਕਰੋ-ਸਿੰਚਾਈ ਸਬਸਿਡੀਆਂ ਦੇਣ ਅਤੇ ਵਾਟਰ ਹਾਰਵੈਸਟਿੰਗ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਵੀ ਯਤਨ ਕੀਤੇ ਜਾਣਗੇ ਜਿਸ ਨਾਲ 30,000 ਹੈਕਟੇਅਰ ਭੂਮੀ ਨੂੰ ਫਾਇਦਾ ਹੋਵੇਗਾ।

## ਪਸ਼ੂ ਪਾਲਣ, ਡੇਅਰੀ ਅਤੇ ਮੱਛੀ ਪਾਲਣ

65. ਪਸ਼ੂਆਂ ਦੀਆਂ ਸਿਹਤ ਸੇਵਾਵਾਂ ਵਿੱਚ ਵਾਧਾ ਅਤੇ ਨਸਲਾਂ ਨੂੰ ਬਿਹਤਰ ਬਣਾਉਣ ਲਈ, ਅਸੀਂ ਪਾਇਲਟ ਪ੍ਰੋਜੈਕਟ ਦੇ ਤੌਰ 'ਤੇ ਛੇ ਜ਼ਿਲ੍ਹਾ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਦਾਖਲ ਮਰੀਜ਼ ਵਾਰਡ ਸੇਵਾਵਾਂ ਅਤੇ ਬਲੂ ਕਰਾੱਸ ਸਟੋਰ ਸ਼ੁਰੂ ਕਰਨ ਦੀ ਤਜਵੀਜ਼ ਰੱਖਦੇ ਹਾਂ। ਇਸ ਸੈਕਟਰ ਦੀ ਤਰੱਕੀ ਅਤੇ ਵਿਕਾਸ ਲਈ ਵਿੱਤੀ ਸਾਲ 2025-26 ਲਈ 704 ਕਰੋੜ ਰੁਪਏ ਦੀ ਬਜਟ ਤਜਵੀਜ਼ ਹੈ।

66. ਸੇਮ ਵਾਲੇ ਖੇਤਰਾਂ ਵਿੱਚ ਝੀਂਗਾ ਪਾਲਣ ਨੂੰ ਪ੍ਰਫੁਲਿੱਤ ਕਰਨ ਹਿੱਤ ਕਿਸਾਨਾਂ ਲਈ ਮਾਲੀਆ ਅਤੇ ਰੁਜ਼ਗਾਰ ਸਿਰਜਣ ਦੇ ਮੌਕੇ ਪੈਦਾ ਕਰਨ ਵਾਸਤੇ ਵਿੱਤੀ ਸਾਲ 2025-26 ਵਿੱਚ ਅਤਿ-ਆਧੁਨਿਕ ਝੀਂਗਾ ਪ੍ਰੋਸੈਸਿੰਗ ਯੂਨਿਟ ਲਗਾਏ ਜਾਣ ਦੀ ਤਜਵੀਜ਼ ਹੈ। ਇਹ ਸਹੂਲਤ ਵਿਗਿਆਨਕ ਪ੍ਰੋਸੈਸਿੰਗ ਨੂੰ ਯਕੀਨੀ ਬਣਾਏਗੀ ਜਿਸ ਬਦੌਲਤ ਸੂਬੇ ਵਿੱਚ ਮੌਜੂਦਾ ਝੀਂਗਾ ਕਿਸਾਨਾਂ ਨੂੰ ਕਾਫ਼ੀ ਲਾਭ ਮਿਲੇਗਾ।

## ਸਹਿਕਾਰਤਾ

67. ਪੰਜਾਬ ਸਰਕਾਰ ਸਾਡੇ ਗੰਨਾ ਕਿਸਾਨਾਂ ਦੀ ਮਦਦ ਕਰਨ ਲਈ ਦ੍ਰਿੜ੍ਹ ਹੈ। 2024-25 ਦੇ ਪਿੜਾਈ ਸੀਜ਼ਨ ਲਈ, ਅਸੀਂ ਦੇਸ਼ ਵਿੱਚ ਗੰਨੇ ਦਾ ਸਭ ਤੋਂ ਵੱਧ ਖਰੀਦ ਮੁੱਲ 401 ਰੁਪਏ ਪ੍ਰਤੀ ਕੁਇੰਟਲ ਯਕੀਨੀ ਬਣਾਇਆ ਹੈ। ਇਸ ਤੋਂ ਇਲਾਵਾ, ਮੈਨੂੰ ਇਸ ਸਤਿਕਾਰਯੋਗ ਸਦਨ ਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਵਿੱਤੀ ਸਾਲ 2023-24 ਲਈ ਸਾਰੇ ਬਕਾਇਆ ਭੁਗਤਾਨ ਕਰ ਦਿੱਤੇ ਗਏ ਹਨ, ਜਿਸ ਨਾਲ ਸਾਡੇ ਕਿਸਾਨਾਂ ਨੂੰ ਸਮੇਂ ਸਿਰ ਵਿੱਤੀ ਰਾਹਤ ਮਿਲੀ ਹੈ। ਸਾਡੀ ਸਰਕਾਰ ਇਸ ਸਹਾਇਤਾ ਨੂੰ ਜਾਰੀ ਰੱਖਣ ਲਈ ਵਚਨਬੱਧ ਹੈ, ਜਿਸ ਲਈ ਵਿੱਤੀ ਸਾਲ 2025-26 ਵਿੱਚ 250 ਕਰੋੜ ਰੁਪਏ ਦਾ ਉਪਬੰਧ ਹੈ।

68. ਖੰਡ ਸੈਕਟਰ ਦੇ ਆਧੁਨਿਕੀਕਰਨ ਅਤੇ ਹਰੀ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਸਾਡੀ ਵਚਨਬੱਧਤਾ ਨੂੰ ਮਜ਼ਬੂਤ ਕਰਦੇ ਹੋਏ, ਬਟਾਲਾ ਕੋਆਪ੍ਰੇਟਿਵ ਸ਼ੂਗਰ ਮਿੱਲ ਵਿਖੇ 296 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ 3500 ਟੀ.ਸੀ.ਡੀ. ਸ਼ੂਗਰ ਪਲਾਂਟ 14 ਮੈਗਾਵਾਟ ਕੋ-ਜਨਰੇਸ਼ਨ ਪਲਾਂਟ ਦੇ ਨਾਲ, ਹੁਣ ਸਫਲਤਾਪੂਰਵਕ ਕਾਰਜਸ਼ੀਲ ਹੈ। ਰਾਜ ਵਿੱਚ ਸਥਾਈ ਊਰਜਾ ਪਹਿਲਕਦਮੀਆਂ ਨੂੰ ਹੋਰ ਅੱਗੇ ਵਧਾਉਂਦੇ ਹੋਏ, ਮਿੱਲ ਵਿੱਚ ਬਾਇਓ-ਸੀ.ਐੱਨ.ਜੀ ਪ੍ਰੋਜੈਕਟ ਦਾ ਵੀ

ਉਦਘਾਟਨ ਕੀਤਾ ਗਿਆ ਹੈ।

69. ਇਸ ਤੋਂ ਇਲਾਵਾ, ਦੁੱਧ ਉਤਪਾਦਕਾਂ ਨੂੰ ਉਚਿਤ ਲਾਭਕਾਰੀ ਦੁੱਧ ਦੀਆਂ ਕੀਮਤਾਂ ਨੂੰ ਯਕੀਨੀ ਬਣਾਉਣ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 100 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ ਅਤੇ 75 ਕਰੋੜ ਰੁਪਏ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਦੇ ਪੁਨਰ-ਪੂੰਜੀਕਰਨ ਅਤੇ PACS ਪ੍ਰੋਜੈਕਟਾਂ ਦੀ ਪੂਰਤੀ ਲਈ 28 ਕਰੋੜ ਰੁਪਏ ਹਨ, ਜਿਸ ਬਦੌਲਤ ਸਹਿਕਾਰੀ ਬੈਂਕਿੰਗ ਖੇਤਰ ਵਿੱਚ ਮਜ਼ਬੂਤ ਡਿਜੀਟਲ ਬੁਨਿਆਦੀ ਢਾਂਚੇ ਅਤੇ ਬਿਹਤਰ ਸੇਵਾ ਪ੍ਰਦਾਨਗੀ ਯਕੀਨੀ ਬਣੇਗੀ।

## ਜੰਗਲਾਤ ਅਤੇ ਜੰਗਲੀ ਜੀਵ

ਮਾਣਯੋਗ ਸਪੀਕਰ ਸਾਹਿਬ,

70. ਸਾਡੀ ਸਰਕਾਰ ਵਾਤਾਵਰਣ ਸੰਭਾਲ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਰਾਜ ਵਿੱਚ ਹਰਿਆਵਲ ਅਤੇ ਜੈਵਿਕ ਵਿਭਿੰਨਤਾ ਨੂੰ ਵਧਾਉਣ ਲਈ ਕਈ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਹੁਣ ਤੱਕ, ਲੱਗਭਗ 3 ਕਰੋੜ ਬੂਟੇ ਲਗਾਏ ਜਾ ਚੁੱਕੇ ਹਨ, ਜਿਸ ਵਿੱਚ ਟਿਊਬਵੈੱਲਾਂ ਦੇ ਆਲੇ-ਦੁਆਲੇ ਲੱਗਭਗ 29 ਲੱਖ ਬੂਟੇ ਸ਼ਾਮਲ ਹਨ, ਵਾਤਾਵਰਣ ਸੰਤੁਲਨ ਨੂੰ ਉਤਸ਼ਾਹਿਤ ਕਰਨ ਲਈ ਮੌਜੂਦਾ ਸਾਲ ਵਿੱਚ 268 ਨਾਨਕ ਬਗੀਚੀਆਂ ਅਤੇ 46 ਪਵਿੱਤਰ ਵਣ ਵਿਕਸਤ ਕੀਤੇ ਜਾ ਰਹੇ ਹਨ। ਪੰਜਾਬ ਵਿੱਚ ਈਕੋ-ਟੂਰਿਜ਼ਮ ਨੂੰ ਉਤਸ਼ਾਹਿਤ ਕਰਨ ਲਈ, ਸ੍ਰੀ ਅਨੰਦਪੁਰ ਸਾਹਿਬ ਵਿੱਚ ਜੱਜਰ ਬਚੌਲੀ ਵਾਈਲਡ ਲਾਈਫ ਸੈਂਚੂਰੀ ਦੇ ਵਿਕਾਸ ਲਈ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਇਹਨਾਂ ਪਹਿਲਕਦਮੀਆਂ ਨੂੰ ਬਰਕਰਾਰ ਰੱਖਣ ਅਤੇ ਵਿਸਤਾਰ ਲਈ ਵਿੱਤੀ ਸਾਲ 2025-26 ਲਈ 281 ਕਰੋੜ ਰੁਪਏ ਦੇ ਬਜਟ ਉਪਬੰਧ ਦੀ ਤਜਵੀਜ਼ ਹੈ।

## ਸਿੱਖਿਆ

ਮਾਣਯੋਗ ਸਪੀਕਰ ਸਾਹਿਬ,

71. ਮੈਨੂੰ ਇਸ ਸਤਿਕਾਰਯੋਗ ਸਦਨ ਵਿਚ ਇਹ ਦੱਸਦਿਆਂ ਖੁਸ਼ੀ ਹੋ ਰਹੀ ਹੈ ਕਿ ਪੰਜਾਬ ਰਾਜ ਨੇ ਗ੍ਰੀਨ ਸਕੂਲ ਪ੍ਰੋਗਰਾਮ ਦੇ ਤਹਿਤ 'ਸਰਵੋਤਮ ਰਾਜ' ਪੁਰਸਕਾਰ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਲਈ 'ਸਰਵੋਤਮ ਜ਼ਿਲ੍ਹਾ' ਪੁਰਸਕਾਰ ਪ੍ਰਾਪਤ ਕਰ ਕੇ ਇੱਕ ਹੋਰ ਮੀਲ ਪੱਥਰ ਸਥਾਪਿਤ ਕੀਤਾ ਹੈ। ਇਹ ਪੁਰਸਕਾਰ ਦੇਸ਼ ਵਿਆਪੀ ਪਹਿਲਕਦਮੀ ਵਿੱਚ ਪੰਜਾਬ ਦੀ ਅਗਵਾਈ ਨੂੰ ਮਜ਼ਬੂਤ ਕਰਦਾ ਹੋਇਆ ਸਕੂਲੀ ਭਾਈਚਾਰਿਆਂ ਵਿੱਚ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ ਕਰਨ ਵਿੱਚ ਪੰਜਾਬ ਦੇ ਮਿਸਾਲੀ ਯਤਨਾਂ ਨੂੰ ਪ੍ਰਗਟ ਕਰਦਾ ਹੈ।

72. ਰਾਜ ਦੇ ਮੁੱਖ ਬੁਨਿਆਦੀ ਸਾਖਰਤਾ ਅਤੇ ਸੰਖਿਆ ਗਿਆਨ ਪ੍ਰੋਗਰਾਮ, ਮਿਸ਼ਨ ਸਮਰੱਥ ਨੇ ਵਿਦਿਆਰਥੀਆਂ ਦੇ ਬੁਨਿਆਦੀ ਹੁਨਰਾਂ ਨੂੰ ਸਫਲਤਾਪੂਰਵਕ ਮਜ਼ਬੂਤ ਕੀਤਾ ਹੈ, ਜਿਸ ਨਾਲ 14 ਲੱਖ ਬੱਚੇ, 70,000 ਅਧਿਆਪਕ ਅਤੇ 19,000 ਸਕੂਲ ਪ੍ਰਭਾਵਿਤ ਹੋਏ ਹਨ। ਇੰਟਰੈਕਟਿਵ ਅਧਿਆਪਨ ਤਰੀਕਿਆਂ, ਅਨੁਭਵੀ ਸਿੱਖਿਆ ਅਤੇ ਟੀਚਿੰਗ ਐਟ ਦ ਰਾਈਟ ਲੈਵਲ (TaRL) ਪੈਡਾਗੋਜੀ 'ਤੇ ਧਿਆਨ ਕੇਂਦਰਿਤ ਕਰ ਕੇ, ਇਸ ਨੇ ਭਾਸ਼ਾ ਅਤੇ ਗਣਿਤ ਵਿੱਚ ਪ੍ਰਾਇਮਰੀ ਗ੍ਰੇਡਾਂ ਵਿੱਚ 15% ਵਾਧਾ ਅਤੇ ਅੱਪਰ ਪ੍ਰਾਇਮਰੀ ਗ੍ਰੇਡਾਂ ਵਿੱਚ 25% ਦਾ ਸ਼ਾਨਦਾਰ ਵਾਧਾ ਪ੍ਰਾਪਤ ਕੀਤਾ ਹੈ।

73. ਪ੍ਰੀ-ਪ੍ਰਾਇਮਰੀ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਮੈਗਾ ਮਾਪੇ-ਅਧਿਆਪਕ ਮਿਲਣੀ ਵਿੱਚ ਪੰਜਾਬ ਦੇ 21.81 ਲੱਖ ਮਾਪਿਆਂ ਨੇ ਆਪਣੇ ਬੱਚਿਆਂ ਦੀ ਸਿੱਖਿਆ ਪ੍ਰਤੀ ਚਾਅ ਦਿਖਾਉਂਦੇ ਹੋਏ ਸਰਗਰਮੀ ਨਾਲ ਹਿੱਸਾ ਲਿਆ ਅਤੇ ਉਨ੍ਹਾਂ ਦੇ ਸੰਪੂਰਨ ਵਿਕਾਸ ਲਈ ਸਹਿਯੋਗ ਦਿਖਾਇਆ। ਇਸ ਪਹਿਲਕਦਮੀ ਨੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਭਾਈਚਾਰੇ ਵਿਚਕਾਰ

ਸਬੰਧਾਂ ਨੂੰ ਮਜ਼ਬੂਤ ਕੀਤਾ ਹੈ।

74. ਸਿੱਖਿਆ ਵਿੱਚ ਉੱਤਮਤਾ ਦੀ ਸਾਡੀ ਕੋਸ਼ਿਸ਼ ਵਿੱਚ, ਸਿੱਖਿਆ ਵਿਭਾਗ ਦੇ 354 ਪ੍ਰਿੰਸੀਪਲਾਂ, ਹੈੱਡ ਮਾਸਟਰਾਂ ਅਤੇ ਅਧਿਆਪਕਾਂ ਨੂੰ ਪ੍ਰਿੰਸੀਪਲਜ਼ ਅਕੈਡਮੀ, ਸਿੰਗਾਪੁਰ; ਨੈਸ਼ਨਲ ਇੰਸਟੀਚਿਊਟ ਆੱਫ ਐਜੂਕੇਸ਼ਨ (NIE) ਇੰਟਰਨੈਸ਼ਨਲ, ਸਿੰਗਾਪੁਰ; ਤੁਰਕੂ ਯੂਨੀਵਰਸਿਟੀ, ਫਿਨਲੈਂਡ; ਅਤੇ ਇੰਡੀਅਨ ਇੰਸਟੀਚਿਊਟ ਆੱਫ ਮੈਨੇਜਮੈਂਟ (IIM) ਅਹਿਮਦਾਬਾਦ ਵਰਗੀਆਂ ਪ੍ਰਤਿਸ਼ਠਾਵਾਨ ਸੰਸਥਾਵਾਂ ਵਿੱਚ ਹੁਨਰ ਅੱਪਗ੍ਰੇਡੇਸ਼ਨ ਲਈ ਭੇਜਿਆ ਗਿਆ ਸੀ। ਇਸ ਪਹਿਲਕਦਮੀ ਦਾ ਉਦੇਸ਼ ਸਾਡੀ ਸਿੱਖਿਆ ਪ੍ਰਣਾਲੀ ਨੂੰ ਗਲੋਬਲ ਸਰਵੋਤਮ ਅਭਿਆਸਾਂ ਨਾਲ ਜੋੜਨਾ ਹੈ, ਜਿਸ ਨਾਲ ਸਿੱਖਿਅਕਾਂ ਨੂੰ ਵਧੇਰੇ ਬਿਹਤਰ ਅਧਿਆਪਨ ਵਿਧੀਆਂ ਅਪਣਾ ਕੇ ਯੋਗ ਬਣਾਉਣਾ ਹੈ। ਇਹ ਵਿਧੀਆਂ ਸਾਡੇ ਵਿਦਿਆਰਥੀਆਂ ਨੂੰ ਲਾਭ ਪਹੁੰਚਾਉਣਗੀਆਂ ਅਤੇ ਰਾਜ ਵਿੱਚ ਸਿੱਖਣ ਦੀ ਨੀਂਹ ਨੂੰ ਮਜ਼ਬੂਤ ਕਰਨਗੀਆਂ।

75. ਇਸ ਸਰਕਾਰ ਦੁਆਰਾ ਕੀਤੇ ਗਏ ਵੱਖ-ਵੱਖ ਉਪਰਾਲਿਆਂ ਦੀ ਸਫਲਤਾ ਨੂੰ ਅੱਗੇ ਵਧਾਉਂਦੇ ਹੋਏ, ਮੈਂ ਵਿੱਤੀ ਸਾਲ 2025-26 ਵਿੱਚ ਸਿੱਖਿਆ ਖੇਤਰ ਲਈ 17,975 ਕਰੋੜ ਰੁਪਏ ਦੇ ਬਜਟ ਖਰਚੇ ਦਾ ਪ੍ਰਸਤਾਵ ਰੱਖਦਾ ਹਾਂ, ਜੋ ਕੁੱਲ ਖਰਚੇ ਦਾ ਲਗਭਗ 12% ਹੈ।

## ਸਕੂਲੀ ਸਿੱਖਿਆ

76. ਸਪੀਕਰ ਸਾਹਿਬ, ਅਸੀਂ ਪੰਜਾਬ ਨੂੰ ਸਿੱਖਿਆ ਵਿੱਚ ਮੋਹਰੀ ਬਣਾਉਣ ਦੇ ਆਪਣੇ ਇਰਾਦੇ ਦੀ ਪੁਸ਼ਟੀ ਕਰਦੇ ਹੋਏ ਇਹ ਯਕੀਨੀ ਬਣਾਉਂਦੇ ਹਾਂ ਕਿ ਸਾਡੇ ਬੱਚੇ 21ਵੀਂ ਸਦੀ ਵਿੱਚ ਤਰੱਕੀ ਕਰਨ ਲਈ ਗਿਆਨ, ਹੁਨਰ ਅਤੇ ਵਧਣ-ਫੁੱਲਣ ਦੇ ਮੌਕਿਆਂ ਨਾਲ ਲੈਸ ਹੋਣ। ਸਾਡੀਆਂ ਪਹਿਲਕਦਮੀਆਂ ਹਰੇਕ ਬੱਚੇ ਲਈ ਮਿਆਰੀ ਸਿੱਖਿਆ ਅਤੇ ਉੱਜਵਲ ਭਵਿੱਖ ਨੂੰ ਯਕੀਨੀ ਬਣਾਉਣ ਲਈ ਵਿਦਿਅਕ

ਉੱਤਮਤਾ ਦੇ ਚਾਰ ਥੰਮ੍ਹਾਂ- ਮਿਆਰੀ ਸਿੱਖਿਆ, ਸੰਪੂਰਨ ਵਿਕਾਸ, ਟਿਕਾਊ ਬੁਨਿਆਦੀ ਢਾਂਚਾ ਅਤੇ ਸਰਵਪੱਖੀ ਵਿਕਾਸ 'ਤੇ ਖੜ੍ਹੀਆਂ ਹਨ।

i. **ਮਿਆਰੀ ਸਿੱਖਿਆ:** ਸਕੂਲਜ਼ ਆੱਫ਼ ਐਮੀਨੈਂਸ ਅਤੇ ਸਕੂਲਜ਼ ਆੱਫ਼ ਬ੍ਰਿਲਿਐਂਸ ਉੱਤਮਤਾ ਦੇ ਕੇਂਦਰਾਂ ਵਜੋਂ ਕੰਮ ਕਰਨਗੇ, ਜੋ ਪੀਅਰ-ਲਰਨਿੰਗ ਅਤੇ ਅਕਾਦਮਿਕ ਜੋਸ਼ ਨੂੰ ਉਤਸ਼ਾਹਿਤ ਕਰਨਗੇ। ਸਕੂਲ ਆਫ਼ ਅਪਲਾਈਡ ਲਰਨਿੰਗ ਸਕੀਮ ਵਿਦਿਆਰਥੀਆਂ ਨੂੰ ਰੋਜ਼ੀ-ਰੋਟੀ ਦੇ ਮੌਕਿਆਂ ਲਈ ਤਕਨੀਕੀ ਹੁਨਰਾਂ ਨਾਲ ਲੈਸ ਕਰੇਗੀ, ਜਦੋਂ ਕਿ ਮਿਸ਼ਨ ਸਮਰੱਥ ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਵਿਦਿਆਰਥੀਆਂ ਵਿੱਚ ਜ਼ਰੂਰੀ ਯੋਗਤਾਵਾਂ ਪੈਦਾ ਕਰੇਗਾ।

ii. **ਸੰਪੂਰਨ ਵਿਕਾਸ:** 425 ਪ੍ਰਾਇਮਰੀ ਸਕੂਲਾਂ ਨੂੰ ਸਕੂਲ ਆਫ਼ ਹੈਪੀਨੈੱਸ ਵਿੱਚ ਬਦਲਿਆ ਜਾ ਰਿਹਾ ਹੈ ਤਾਂ ਜੋ ਹਵਾਦਾਰ ਕਲਾਸਰੂਮਾਂ, ਖੇਡ ਦੇ ਖੇਤਰਾਂ ਅਤੇ ਗਤੀਵਿਧੀ ਕਾਰਨਰਾਂ ਦੇ ਨਾਲ ਚੰਗਾ ਵਾਤਾਵਰਣ ਸਿਰਜਿਆ ਜਾ ਸਕੇ। ਪੰਜਾਬ ਯੰਗ ਐਂਟਰਪ੍ਰੀਨਿਓਰ ਪ੍ਰੋਗਰਾਮ ਵਰਗੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿੱਚ ਨਵੀਨਤਾ ਅਤੇ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨਗੀਆਂ।

iii. **ਬੁਨਿਆਦੀ ਢਾਂਚੇ ਦਾ ਨਵੀਨੀਕਰਨ:** ਬਿਜਲੀ ਦੀਆਂ ਲਾਗਤਾਂ ਨੂੰ ਘਟਾਉਣ ਅਤੇ ਸਾਫ਼ ਊਰਜਾ ਨੂੰ ਉਤਸ਼ਾਹਿਤ ਕਰਨ ਲਈ, 4,098 ਸਰਕਾਰੀ ਸਕੂਲਾਂ ਵਿੱਚ ਪਹਿਲਾਂ ਹੀ ਸੋਲਰ ਪੈਨਲ ਲਗਾਏ ਜਾ ਚੁੱਕੇ ਹਨ ਅਤੇ ਹੋਰ ਵਿਸਥਾਰ ਕਰਨ ਦੀ ਯੋਜਨਾ ਹੈ। ਬੁਨਿਆਦੀ ਢਾਂਚੇ ਦੇ ਨਵੀਨੀਕਰਨ, ਨਾਲ ਜਿਸ ਵਿੱਚ ਚਾਰਦੀਵਾਰੀ ਅਤੇ ਰੱਖ-ਰਖਾਅ ਗ੍ਰਾਂਟਾਂ ਸ਼ਾਮਲ ਹਨ, ਖਾਸ ਕਰ ਕੇ ਵਿਦਿਆਰਥਣਾਂ ਲਈ ਸੁਰੱਖਿਅਤ ਅਤੇ ਚੰਗੀ ਸਾਂਭ-ਸੰਭਾਲ ਵਾਲੇ ਸਕੂਲ ਯਕੀਨੀ ਬਣਾਏ ਜਾਣਗੇ।

iv. **ਸਰਵਪੱਖੀ ਵਿਕਾਸ:** ਸਰਕਾਰੀ ਸਕੂਲਾਂ ਦੀ ਦੇਖਭਾਲ ਲਈ ਸਮਰਪਿਤ ਵਿੱਤੀ ਪ੍ਰਬੰਧ ਕੀਤਾ ਗਿਆ ਹੈ, ਜਿਸ ਵਿੱਚ ਸਫਾਈ ਅਤੇ ਸੁਰੱਖਿਆ ਬਣਾਈ ਰੱਖਣ ਲਈ ਕੈਂਪਸ ਮੈਨੇਜਰ, ਸੁਰੱਖਿਆ ਗਾਰਡ, ਚੌਕੀਦਾਰ ਅਤੇ ਸਫਾਈ ਸੇਵਕਾਂ ਦੀ ਨਿਯੁਕਤੀ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਸਮਗ੍ਰ ਸਿੱਖਿਆ ਅਭਿਆਨ 1240 ਕਰੋੜ ਰੁਪਏ, ਪੀ.ਐੱਮ. ਪੋਸ਼ਣ ਸਕੀਮ 466 ਕਰੋੜ ਰੁਪਏ, ਮੁਫ਼ਤ ਕਿਤਾਬਾਂ 75 ਕਰੋੜ ਰੁਪਏ ਅਤੇ ਵਿਦਿਆਰਥੀਆਂ ਲਈ ਵਰਦੀਆਂ 35 ਕਰੋੜ ਰੁਪਏ, ਵਰਗੀਆਂ ਮਹੱਤਵਪੂਰਨ ਯੋਜਨਾਵਾਂ ਪਹੁੰਚਯੋਗ ਅਤੇ ਬਰਾਬਰ ਸਿੱਖਿਆ ਪ੍ਰਤੀ ਸਾਡੀ ਵਚਨਬੱਧਤਾ ਦੀ ਪੁਸ਼ਟੀ ਕਰਦੀਆਂ ਹਨ।

77. ਇਸ ਸੰਪੂਰਨ ਪਹੁੰਚ ਨਾਲ, ਇਹ ਯਕੀਨੀ ਬਣਾਉਂਦੇ ਹੋਏ ਕਿ ਸਾਡੇ ਵਿਦਿਆਰਥੀ ਅਕਾਦਮਿਕ ਤੌਰ 'ਤੇ ਉੱਤਮ ਹੋਣ, ਜ਼ਰੂਰੀ ਜੀਵਨ ਹੁਨਰ ਵਿਕਸਿਤ ਕਰਨ ਅਤੇ ਆਧੁਨਿਕ ਸੰਸਾਰ ਵਿੱਚ ਅਗਵਾਈ ਕਰਨ ਲਈ ਚੰਗੀ ਤਰ੍ਹਾਂ ਤਿਆਰ ਹੋਣ, ਅਸੀਂ ਪੰਜਾਬ ਦੇ ਵਿੱਦਿਅਕ ਪਰਿਵਰਤਨ ਲਈ ਮਜ਼ਬੂਤ ਨੀਂਹ ਰੱਖ ਰਹੇ ਹਾਂ।

## ਉਚੇਰੀ ਸਿੱਖਿਆ

78. ਵਿੱਤੀ ਸਾਲ 2025-26 ਵਿੱਚ, ਉਦਯੋਗ ਦੀਆਂ ਜ਼ਰੂਰਤਾਂ ਦੇ ਅਨੁਸਾਰ ਉੱਚੇਰੀ ਸਿੱਖਿਆ ਨੂੰ ਇਕਸਾਰ ਕਰਨ ਲਈ ਡਿਜੀਟਲ ਸਿਖਲਾਈ, ਖੋਜ ਸਹੂਲਤਾਂ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ 'ਤੇ ਜ਼ੋਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ, ਅਧਿਆਪਕਾਂ ਦੀ ਸਿਖਲਾਈ ਨੂੰ ਵਧਾਉਣ, ਵਿਦਿਆਰਥੀ ਸਹੂਲਤਾਂ ਨੂੰ ਅੱਪਗ੍ਰੇਡ ਕਰਨ ਅਤੇ ਕੈਂਪਸ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਯਤਨ ਕੀਤੇ ਜਾਣਗੇ, ਤਾਂ ਜੋ ਅਕਾਦਮਿਕ ਉੱਤਮਤਾ ਅਤੇ ਨਵੀਨਤਾ ਲਈ ਪ੍ਰਗਤੀਸ਼ੀਲ ਮਾਹੌਲ ਤਿਆਰ ਕੀਤਾ ਜਾ ਸਕੇ।

79. ਇਸ ਇਰਾਦੇ ਨੂੰ ਹੋਰ ਮਜ਼ਬੂਤ ਕਰਦੇ ਹੋਏ ਮੁੱਖ ਪਹਿਲਕਦਮੀਆਂ ਲਈ ਬਜਟੀ ਉਪਬੰਧ ਤਜਵੀਜ਼ ਕੀਤੇ ਹਨ- ਜਿਸ ਵਿੱਚ ਰਾਸ਼ਟਰੀ ਉੱਚਤਰ ਸਿੱਖਿਆ ਅਭਿਆਨ (RUSA) ਸਕੀਮ ਅਧੀਨ 199 ਕਰੋੜ ਰੁਪਏ ਅਤੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ, ਖੇਡ ਸਹੂਲਤਾਂ, ਲਾਇਬ੍ਰੇਰੀਆਂ ਅਤੇ ਹੁਨਰ-ਅਧਾਰਿਤ ਪ੍ਰੋਗਰਾਮਾਂ ਲਈ 160 ਕਰੋੜ ਰੁਪਏ ਸ਼ਾਮਲ ਹਨ।

## ਤਕਨੀਕੀ ਸਿੱਖਿਆ

80. ਸਪੀਕਰ ਸਾਹਿਬ, ਸਾਡੀ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਗਤੀਸ਼ੀਲ ਰੁਜ਼ਗਾਰ ਬਾਜ਼ਾਰ ਲਈ ਜ਼ਰੂਰੀ ਤਕਨੀਕੀ ਮੁਹਾਰਤ ਅਤੇ ਉਦਯੋਗ-ਅਨੁਕੂਲ ਹੁਨਰਾਂ ਨਾਲ ਲੈਸ ਕਰਨ ਲਈ ਵਚਨਬੱਧ ਹੈ। 2024-25 ਸੈਸ਼ਨ ਵਿੱਚ, ਅਸੀਂ 137 ਸਰਕਾਰੀ ਆਈ.ਟੀ.ਆਈਜ਼ ਵਿੱਚ ਰਿਕਾਰਡ 93.04% ਦਾਖਲਾ ਦਰ ਹਾਸਲ ਕੀਤੀ, ਜਿਸ ਵਿੱਚ 32,827 ਸਿਖਿਆਰਥੀ ਦਾਖਲ ਹੋਏ - 5,000 ਨਵੀਆਂ ਸੀਟਾਂ ਦੇ ਵਾਧੇ ਕਾਰਨ ਪਿਛਲੇ ਸਾਲ ਨਾਲੋਂ 17% ਦਾ ਸ਼ਾਨਦਾਰ ਵਾਧਾ ਹੋਇਆ।

81. ਉਦਯੋਗ-ਅਕਾਦਮਿਕ ਪਾੜੇ ਨੂੰ ਪੂਰਨ ਲਈ, ਅਸੀਂ ਪੁਰਾਣੇ ਕੋਰਸਾਂ ਨੂੰ ਪੜਾਅਵਾਰ ਖਤਮ ਕਰ ਦਿੱਤਾ ਹੈ ਅਤੇ ਅਤਿ-ਆਧੁਨਿਕ, ਉਦਯੋਗ-ਮੁਖੀ ਪ੍ਰੋਗਰਾਮ ਪੇਸ਼ ਕੀਤੇ ਹਨ, ਜਦੋਂ ਕਿ ਵਿਹਾਰਕ ਉਦਯੋਗਿਕ ਅਨੁਭਵ ਨੂੰ ਕਿੱਤਾਮੁਖੀ ਸਿੱਖਿਆ ਨਾਲ ਜੋੜਨ ਲਈ ਡਿਊਲ ਸਿਸਟਮ ਆਫ਼ ਟ੍ਰੇਨਿੰਗ (DST) ਦਾ ਵਿਸਤਾਰ ਕੀਤਾ ਹੈ। ਆਈ.ਟੀ.ਆਈਜ਼ (ਡਬਲਯੂ) ਵਿੱਚ ਇੰਜੀਨੀਅਰਿੰਗ ਟਰੇਡ ਕੋਰਸਾਂ ਦੇ ਨਾਲ, ਆਈ.ਟੀ.ਸੀ. ਅਤੇ ਸਵਰਾਜ ਇੰਜਣ ਦੁਆਰਾ ਸਮਰਥਿਤ ਤਕਨੀਕੀ ਖੇਤਰਾਂ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ, ਜਿਸਦਾ ਰਾਜ ਵਿਆਪੀ ਵਿਸਤਾਰ ਕੀਤਾ ਜਾਵੇਗਾ।

82. ਵਿੱਤੀ ਸਾਲ 2025-26 ਲਈ, ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ, ਨਵੇਂ ਯੁੱਗ ਦੇ ਕੋਰਸਾਂ ਲਈ ਉੱਨਤ ਮਸ਼ੀਨਰੀ ਖਰੀਦਣ ਅਤੇ ਚੱਲ ਰਹੇ ਇਮਾਰਤੀ ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ 579 ਕਰੋੜ ਰੁਪਏ ਦਾ ਬਜਟ ਪ੍ਰਸਤਾਵਿਤ ਕੀਤਾ ਗਿਆ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਨਵੀਂਆਂ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ'ਜ਼) ਖੋਲ੍ਹਣ ਲਈ 33 ਕਰੋੜ ਰੁਪਏ ਦਾ ਬਜਟ ਉਪਬੰਧ ਹੈ।

## ਮੈਡੀਕਲ ਸਿੱਖਿਆ ਅਤੇ ਖੋਜ

83. "ਸੀ.ਐੱਮ. ਦੀ ਯੋਗਸ਼ਾਲਾ" ਪਹਿਲਕਦਮੀ ਦੇ ਤਹਿਤ, ਰੋਜ਼ਾਨਾ 3,200 ਯੋਗਾ ਸੈਸ਼ਨ ਆਯੋਜਿਤ ਕੀਤੇ ਜਾਂਦੇ ਹਨ, ਜਿਸ ਨਾਲ 1.5 ਲੱਖ ਤੋਂ ਵੱਧ ਵਿਅਕਤੀਆਂ ਨੂੰ ਲਾਭ ਹੁੰਦਾ ਹੈ। ਇੱਕ ਸਮਰਪਿਤ ਯੋਗਾ ਟ੍ਰੇਨਰ ਪ੍ਰੋਗਰਾਮ ਵੀ ਸ਼ੁਰੂ ਕੀਤਾ ਗਿਆ ਹੈ, ਜਿਸ ਵਿੱਚ 2,630 ਸਿਖਿਆਰਥੀਆਂ ਨੇ ਦਾਖਲਾ ਲਿਆ ਹੈ ਅਤੇ ਰੋਜ਼ਾਨਾ ਯੋਗਾ ਸੈਸ਼ਨਾਂ ਨੂੰ ਲਗਭਗ ਦੋ ਲੱਖ ਲੋਕਾਂ ਤੱਕ ਵਧਾਉਣ ਦੀਆਂ ਯੋਜਨਾਵਾਂ ਹਨ। ਇਸ ਤੋਂ ਇਲਾਵਾ, ਸਿਹਤ ਸੰਭਾਲ ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਵੱਡੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਪ੍ਰਗਤੀ ਅਧੀਨ ਹਨ।

84. ਵਿੱਤੀ ਸਾਲ 2025-26 ਵਿੱਚ, ਸ਼ਹੀਦ ਭਗਤ ਸਿੰਘ (ਐੱਸ.ਬੀ.ਐੱਸ.) ਨਗਰ ਦੇ ਪਿੰਡ ਬਰਨਾਲਾ ਕਲਾਂ ਵਿਖੇ 50 ਐੱਮ.ਬੀ.ਬੀ.ਐੱਸ. ਸੀਟਾਂ ਵਾਲੇ ਨਵੇਂ ਮੈਡੀਕਲ ਕਾਲਜ ਦੀ ਤਜਵੀਜ਼ ਹੈ। ਵਿੱਤੀ ਸਾਲ 2025-26 ਵਿੱਚ ਇਹਨਾਂ ਵੱਖ-ਵੱਖ ਪਹਿਲਕਦਮੀਆਂ ਨੂੰ ਸ਼ੁਰੂ ਕਰਨ ਲਈ 1,336 ਕਰੋੜ ਰੁਪਏ ਦੇ ਬਜਟ ਦਾ ਉਪਬੰਧ ਹੈ ਜੋ ਪਿਛਲੇ ਸਾਲ ਨਾਲੋਂ 27% ਦਾ ਵਾਧਾ ਹੈ।

## ਯੂਨੀਵਰਸਿਟੀਆਂ ਅਤੇ ਕਾਂਸਟੀਚੁਐਂਟ ਕਾਲਜਾਂ ਨੂੰ ਗ੍ਰਾਂਟ-ਇਨ-ਏਡ

85. ਸਾਡੀ ਸਰਕਾਰ ਵੱਖ-ਵੱਖ ਰਾਜ ਯੂਨੀਵਰਸਿਟੀਆਂ ਜਿਵੇਂ ਕਿ ਗਡਵਾਸੂ, ਪੀ.ਏ.ਯੂ., ਪੰਜਾਬ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ, ਜੀ.ਐੱਨ.ਡੀ.ਯੂ. ਅਤੇ ਹੋਰਾਂ ਦੇ ਵਿਕਾਸ ਨੂੰ ਉਹਨਾਂ ਦੇ ਕਾਂਸਟੀਚੁਐਂਟ ਕਾਲਜਾਂ ਸਮੇਤ ਤਰਜੀਹ ਦੇਣਾ ਜਾਰੀ ਰੱਖੇਗੀ। ਵਿੱਤੀ ਸਾਲ 2025-26 ਵਿੱਚ 1650 ਕਰੋੜ ਰੁਪਏ ਦਾ ਬਜਟ ਉਪਬੰਧ ਨਿਰਧਾਰਤ ਕੀਤਾ ਗਿਆ ਹੈ।

## ਰੁਜ਼ਗਾਰ ਸਿਰਜਣ ਅਤੇ ਸਿਖਲਾਈ

86. ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਸਵੈ-ਨਿਰਭਰਤਾ ਦੇ ਮੌਕਿਆਂ ਨਾਲ ਸਸ਼ਕਤ ਬਣਾਉਣਾ ਸਾਡੀ ਸਰਕਾਰ ਦੀ ਮੁੱਖ ਤਰਜੀਹ ਹੈ। ਇਸ ਸਾਲ 1,468 ਪਲੇਸਮੈਂਟ ਕੈਂਪਾਂ ਰਾਹੀਂ 85,248 ਉਮੀਦਵਾਰਾਂ ਨੇ ਨੌਕਰੀਆਂ ਪ੍ਰਾਪਤ ਕੀਤੀਆਂ, ਜਦੋਂ ਕਿ 24,345 ਵਿਅਕਤੀਆਂ ਨੇ ਸਵੈ-ਰੁਜ਼ਗਾਰ ਕਰਜ਼ਿਆਂ ਦੀ ਸਹੂਲਤ ਪ੍ਰਾਪਤ ਕੀਤੀ ਹੈ। ਅਪ੍ਰੈਲ 2022 ਤੋਂ, ਨਿਯਮਤ ਸਰਕਾਰੀ ਭਰਤੀ ਤਹਿਤ 51,655 ਨਿਯੁਕਤੀ ਪੱਤਰ ਜਾਰੀ ਕੀਤੇ ਗਏ ਹਨ। ਪੰਜਾਬ ਨੂੰ ਆਪਣੇ ਨੌਜਵਾਨਾਂ ਦੀਆਂ ਪ੍ਰਾਪਤੀਆਂ 'ਤੇ ਵੀ ਬਹੁਤ ਮਾਣ ਹੈ। ਇਨ੍ਹਾਂ ਪ੍ਰਾਪਤੀਆਂ ਵਿੱਚ 22 ਕੈਡਿਟ ਐੱਨ.ਡੀ.ਏ. ਅਤੇ ਹੋਰ ਅਕੈਡਮੀਆਂ ਵਿੱਚ ਸ਼ਾਮਲ ਹੋਏ ਹਨ, 18 ਨੂੰ ਅਫ਼ਸਰ ਬਣਾਇਆ ਗਿਆ ਹੈ ਅਤੇ 47 ਕੈਡਿਟਾਂ ਨੇ ਐੱਨ.ਡੀ.ਏ. ਪ੍ਰੀਖਿਆ 74.60% ਦੀ ਸ਼ਾਨਦਾਰ ਸਫਲਤਾ ਦਰ ਨਾਲ ਪਾਸ ਕੀਤੀ ਹੈ, ਜੋ ਕਿ ਦੇਸ਼ ਵਿੱਚ ਸਭ ਤੋਂ ਵੱਧ ਹੈ। ਮੈਂ ਹੁਨਰ ਸਿਖਲਾਈ ਅਤੇ ਕਰੀਅਰ ਕਾਉਂਸਲਿੰਗ ਰਾਹੀਂ ਰੁਜ਼ਗਾਰ ਯੋਗਤਾ ਨੂੰ ਵਧਾਉਣ ਲਈ 230 ਕਰੋੜ ਰੁਪਏ ਦੇ ਉਪਬੰਧ ਦੀ ਤਜਵੀਜ਼ ਰੱਖਦਾ ਹਾਂ, ਜੋ ਪਿਛਲੇ ਸਾਲ ਨਾਲੋਂ 50% ਵੱਧ ਹੈ।

## ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ

ਮਾਣਯੋਗ ਸਪੀਕਰ ਸਾਹਿਬ,

87. ਪੰਜਾਬ ਦੀ ਅਮੀਰ ਸੱਭਿਆਚਾਰਕ ਅਤੇ ਅਧਿਆਤਮਕ ਵਿਰਾਸਤ ਦੇ ਸਨਮਾਨ ਅਤੇ ਪ੍ਰਦਰਸ਼ਨ ਲਈ, ਸਰਕਾਰ ਨੇ ਰਾਮ ਤੀਰਥ, ਅੰਮ੍ਰਿਤਸਰ ਵਿਖੇ 33 ਕਰੋੜ ਰੁਪਏ ਦੀ ਲਾਗਤ ਨਾਲ ਭਗਵਾਨ ਵਾਲਮੀਕੀ ਪੈਨੋਰਮਾ ਸਥਾਪਿਤ ਕੀਤਾ ਹੈ। ਇਹ ਅਤਿ-ਆਧੁਨਿਕ ਅਜਾਇਬ ਘਰ, ਜਿਸ ਵਿੱਚ 14 ਗੈਲਰੀਆਂ ਹਨ, ਆਧੁਨਿਕ ਤਕਨਾਲੋਜੀ ਰਾਹੀਂ ਭਗਵਾਨ ਵਾਲਮੀਕੀ ਜੀ ਦੇ ਜੀਵਨ, ਸਿੱਖਿਆਵਾਂ ਅਤੇ ਯੋਗਦਾਨ ਨੂੰ ਪੇਸ਼ ਕਰਦਾ ਹੈ। 7 ਅਕਤੂਬਰ 2024 ਨੂੰ ਉਦਘਾਟਿਤ ਕੀਤੇ ਗਏ ਇਸ ਪੈਨੋਰਮਾ ਨੇ ਹਜ਼ਾਰਾਂ ਸ਼ਰਧਾਲੂਆਂ ਨੂੰ ਆਕਰਸ਼ਿਤ ਕੀਤਾ ਹੈ, ਜੋ ਉਹਨਾਂ ਨੂੰ  ਡੂੰਘਾ ਅਤੇ ਗਿਆਨਵਾਨ ਅਨੁਭਵ ਪ੍ਰਦਾਨ ਕਰਦਾ ਹੈ।

88. ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ, ਵਿੱਤੀ ਸਾਲ 2025-26 ਦੌਰਾਨ ਰਾਜ ਪੱਧਰ 'ਤੇ ਯਾਦਗਾਰੀ ਸਮਾਗਮਾਂ ਦੀ  ਲੜੀ ਆਯੋਜਿਤ ਕੀਤੀ ਜਾਵੇਗੀ, ਇਸ ਦੇ ਨਾਲ ਹੀ ਗੁਰੂ ਸਾਹਿਬ ਦੀਆਂ ਯਾਤਰਾਵਾਂ ਨਾਲ ਸਬੰਧਤ ਸਥਾਨਾਂ 'ਤੇ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾਵੇਗਾ। ਸ੍ਰੀ ਗੁਰੂ ਤੇਗ ਬਹਾਦਰ ਜੀ ਦੁਆਰਾ ਸਥਾਪਿਤ ਸ਼ਹਿਰ, ਸ੍ਰੀ ਆਨੰਦਪੁਰ ਸਾਹਿਬ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ, ਨੰਗਲ ਨੂੰ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ, ਇਸ ਦੇ ਬੁਨਿਆਦੀ ਢਾਂਚੇ ਨੂੰ ਵਧਾਉਣ ਅਤੇ ਇਸ ਨੂੰ ਪ੍ਰਮੁੱਖ ਸੈਰ-ਸਪਾਟਾ ਸਥਾਨ ਵਜੋਂ ਉਤਸ਼ਾਹਿਤ ਕਰਨ ਲਈ 10 ਕਰੋੜ ਰੁਪਏ ਦਾ ਵਿਸ਼ੇਸ਼ ਬਜਟ ਰੱਖਿਆ ਜਾਵੇਗਾ।

89. ਵਿੱਤੀ ਸਾਲ 2025-26 ਵਿੱਚ, ਸਰਕਾਰ ਦਾ ਸ਼ਹੀਦ ਭਗਤ ਸਿੰਘ ਨਗਰ ਵਿਖੇ 54 ਕਰੋੜ ਰੁਪਏ ਦੀ ਲਾਗਤ ਵਾਲੀ ਵਿਰਾਸਤੀ ਸੜਕ ਅਤੇ ਆਡੀਟੋਰੀਅਮ ਬਣਾਉਣ ਦੀ ਤਜਵੀਜ਼ ਹੈ। ਇਸ ਤੋਂ ਇਲਾਵਾ, ਰਾਜ ਭਰ ਵਿੱਚ 32 ਸੱਭਿਆਚਾਰਕ ਪ੍ਰੋਗਰਾਮ, ਤਿਉਹਾਰ ਅਤੇ ਇਤਿਹਾਸਿਕ ਸ਼ਖਸੀਅਤਾਂ 'ਤੇ ਅਧਾਰਿਤ ਨਾਟਕ ਆਯੋਜਿਤ ਕੀਤੇ ਜਾਣਗੇ, ਜੋ ਪੰਜਾਬ ਦੇ ਸ਼ਾਨਦਾਰ ਇਤਿਹਾਸ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਸੰਭਾਲਣ ਪ੍ਰਤੀ ਸਾਡੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੇ ਹਨ। ਵੱਖ-ਵੱਖ ਪਹਿਲਕਦਮੀਆਂ ਸ਼ੁਰੂ ਕਰਨ ਲਈ, ਵਿੱਤੀ ਸਾਲ 2025-26 ਵਿੱਚ 204 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ।

## ਗ੍ਰਹਿ ਮਾਮਲੇ, ਨਿਆਂ ਅਤੇ ਜੇਲ੍ਹਾਂ

90. ਮਾਣਯੋਗ ਸਪੀਕਰ ਸਾਹਿਬ, ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਤਹਿਤ 2024 ਵਿੱਚ ਸ਼ੁਰੂ ਕੀਤੀ ਗਈ ਸੜਕ ਸੁਰੱਖਿਆ ਫੋਰਸ (SSF) ਨੇ ਪੰਜਾਬ ਵਿੱਚ ਸੜਕ ਸੁਰੱਖਿਆ ਵਿੱਚ ਮਹੱਤਵਪੂਰਨ ਵਾਧਾ ਕੀਤਾ ਹੈ। ਇਹ ਟੀਮਾਂ 6-8 ਮਿੰਟਾਂ ਦੇ ਅੰਦਰ ਐਮਰਜੈਂਸੀ ਦਾ ਜਵਾਬ ਦਿੰਦੇ ਹੋਏ, ਜ਼ਰੂਰੀ ਮੁੱਢਲੀ ਸਹਾਇਤਾ ਅਤੇ ਹਸਪਤਾਲਾਂ ਤੱਕ ਤੁਰੰਤ ਪਹੁੰਚ ਪ੍ਰਦਾਨ ਕਰਦੀਆਂ ਹਨ। ਇਹਨਾਂ ਸੁਚੇਤ ਉਪਰਾਲਿਆਂ ਨੇ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ 48% ਦੀ ਜ਼ਿਕਰਯੋਗ ਕਮੀ ਲਿਆਂਦੀ ਹੈ, ਜੋ ਕਿ ਜਨਤਕ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੀ ਹੈ। ਗ੍ਰਹਿ ਮਾਮਲਿਆਂ, ਨਿਆਂ ਅਤੇ ਜੇਲ੍ਹ ਵਿਭਾਗ ਲਈ 11,560 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ।

91. ਇਸ ਤੋਂ ਇਲਾਵਾ, ਰਾਜ ਨੇ ਜੇਲ੍ਹ ਪ੍ਰਬੰਧਨ ਅਤੇ ਕੈਦੀਆਂ ਦੀ ਭਲਾਈ ਨੂੰ ਬਿਹਤਰ ਬਣਾਉਣ ਲਈ ਮੁੱਖ ਸੁਰੱਖਿਆ ਅਤੇ ਪੁਨਰਵਾਸ ਉਪਾਅ ਲਾਗੂ ਕੀਤੇ ਹਨ। ਗ਼ੈਰ-ਕਾਨੂੰਨੀ ਗਤੀਵਿਧੀਆਂ ਦਾ

ਪਤਾ ਲਗਾਉਣ ਅਤੇ ਰੋਕਣ ਲਈ ਕੇਂਦਰੀ ਜੇਲ੍ਹਾਂ ਵਿੱਚ ਏ.ਆਈ-ਸੰਚਾਲਿਤ ਸੀ.ਸੀ.ਟੀ.ਵੀ. ਨਿਗਰਾਨੀ ਲਗਾਈ ਜਾ ਰਹੀ ਹੈ, ਨਾਲ ਹੀ 12 ਸੰਵੇਦਨਸ਼ੀਲ ਜੇਲ੍ਹਾਂ ਵਿੱਚ ਵੀ-ਕਵਚ ਜੈਮਰਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਕੈਦੀਆਂ ਦੇ ਪੁਨਰਵਾਸ 'ਤੇ ਜ਼ੋਰ ਦਿੰਦੇ ਹੋਏ, 2,200 ਤੋਂ ਵੱਧ ਕੈਦੀਆਂ ਨੂੰ ਵਿਦਿਅਕ ਪ੍ਰੋਗਰਾਮਾਂ ਵਿੱਚ ਦਾਖਲ ਕੀਤਾ ਗਿਆ ਹੈ ਅਤੇ 513 ਕੈਦੀ ਵੱਖ-ਵੱਖ ਹੁਨਰ ਵਿਕਾਸ ਕੋਰਸਾਂ ਵਿਚ ਸ਼ਾਮਲ ਹੋਣ ਲਈ ਤਿਆਰ ਹਨ। ਰਾਜ ਵਿੱਚ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਦੇ ਨਿਰਮਾਣ, ਨਵੀਨੀਕਰਨ ਅਤੇ ਅਪਗ੍ਰੇਡੇਸ਼ਨ ਲਈ 100 ਕਰੋੜ ਰੁਪਏ ਦੀ ਤਜਵੀਜ਼ ਹੈ।

92. ਮਾਣਯੋਗ ਸਪੀਕਰ ਜੀ, ਪੁਲਿਸ ਦੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਅਤੇ ਅਪਗ੍ਰੇਡ ਕਰਨ ਲਈ ਵਿੱਤੀ ਸਾਲ 2025-26 ਦੇ ਬਜਟ ਵਿੱਚ 233 ਕਰੋੜ ਦੇ ਉਪਬੰਧ ਦੀ ਤਜਵੀਜ਼ ਹੈ। ਇਸ ਵਿੱਚ ਪੁਲਿਸ ਕੰਪਲੈਕਸਾਂ ਦੀ ਉਸਾਰੀ ਅਤੇ ਨਵੀਨੀਕਰਨ, ਪੁਲਿਸ ਲਾਈਨਾਂ, ਪੁਲਿਸ ਸਟੇਸ਼ਨਾਂ ਅਤੇ ਪੁਲਿਸ ਕਰਮਚਾਰੀਆਂ ਲਈ ਰਿਹਾਇਸ਼ ਆਦਿ ਲਈ ਜ਼ਮੀਨ ਦੀ ਖਰੀਦ ਸ਼ਾਮਲ ਹੈ।

93. ਰਾਜ ਦੇ ਨਿਆਂਇਕ ਬੁਨਿਆਦੀ ਢਾਂਚੇ ਨੂੰ ਹੋਰ ਵਧਾਉਣ ਲਈ, ਅਸੀਂ ਵਿੱਤੀ ਸਾਲ 2025-26 ਵਿੱਚ ਡੇਰਾਬੱਸੀ, ਖੰਨਾ ਅਤੇ ਪਾਤੜਾਂ ਵਿੱਚ 132 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਅਦਾਲਤੀ ਕੰਪਲੈਕਸ ਬਣਾਉਣ ਦਾ ਪ੍ਰਸਤਾਵ ਰੱਖਦੇ ਹਾਂ।

## ਬੁਨਿਆਦੀ ਢਾਂਚਾ

### ਸੜਕਾਂ ਅਤੇ ਪੁਲ

94. ਮਾਣਯੋਗ ਸਪੀਕਰ ਸਾਹਿਬ, ਮੌਜੂਦਾ ਸਾਲ ਦੌਰਾਨ, ਅਸੀਂ 1082 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ 1,444 ਕਿਲੋਮੀਟਰ ਸੜਕਾਂ ਸਫਲਤਾਪੂਰਵਕ ਪੂਰੀਆਂ ਕੀਤੀਆਂ ਹਨ ਅਤੇ 20 ਪੁਲਾਂ ਦਾ ਨਿਰਮਾਣ ਕੀਤਾ ਹੈ। ਇਹਨਾਂ ਬੁਨਿਆਦੀ ਢਾਂਚੇ ਦੇ ਸੁਧਾਰਾਂ ਨੇ ਕੁਨੈਕਟੀਵਿਟੀ ਵਿੱਚ

ਮਹੱਤਵਪੂਰਨ ਸੁਧਾਰ ਕੀਤਾ ਹੈ, ਜਿਸ ਨਾਲ ਯਾਤਰੀਆਂ, ਕਿਸਾਨਾਂ ਅਤੇ ਕਾਰੋਬਾਰੀਆਂ ਨੂੰ ਲਾਭ ਹੋਇਆ ਹੈ, ਜਦੋਂ ਕਿ ਆਰਥਿਕ ਵਿਕਾਸ ਅਤੇ ਖੇਤਰੀ ਵਿਕਾਸ ਨੂੰ ਵੀ ਹੁਲਾਰਾ ਮਿਲਿਆ ਹੈ।

95. ਵਿੱਤੀ ਸਾਲ 2025-26 ਵਿੱਚ ਹੇਠ ਲਿਖੇ ਕੰਮ ਸ਼ੁਰੂ ਕਰਨ ਦਾ ਪ੍ਰਸਤਾਵ ਹੈ:

i. **ਸੜਕੀ ਜਾਲ ਨੂੰ ਮਜ਼ਬੂਤ ਕਰਨਾ:** 2718 ਕਿਲੋਮੀਟਰ ਯੋਜਨਾਬੱਧ ਸੜਕਾਂ ਅਤੇ ਨਵੇਂ ਸੰਪਰਕ ਰੂਟਾਂ ਅਤੇ ਹੋਰ ਦੇ ਨਿਰਮਾਣ ਅਤੇ ਅਪਗ੍ਰੇਡੇਸ਼ਨ ਲਈ ਰਾਜ ਅਤੇ ਨਾਬਾਰਡ ਫੰਡਾਂ ਰਾਹੀਂ 855 ਕਰੋੜ ਰੁਪਏ।

ii. **ਪੁਲ ਬੁਨਿਆਦੀ ਢਾਂਚੇ ਨੂੰ ਵਧਾਉਣਾ:** ਨਵੇਂ ਪੁਲਾਂ ਦੇ ਨਿਰਮਾਣ ਅਤੇ ਨਿਰਮਾਣ ਅਧੀਨ ਪੁਲਾਂ ਨੂੰ ਮੁਕੰਮਲ ਕਰਨ ਲਈ 155 ਕਰੋੜ ਰੁਪਏ ਅਲਾਟ ਕੀਤੇ ਗਏ ਹਨ।

iii. **ਮੁੱਖ ਬੁਨਿਆਦੀ ਢਾਂਚੇ ਦਾ ਅੱਪਗ੍ਰੇਡੇਸ਼ਨ:** 200 ਕਿਲੋਮੀਟਰ ਸੜਕਾਂ ਦੇ ਅਪਗ੍ਰੇਡੇਸ਼ਨ ਅਤੇ ਪੰਜ ਪੁਲਾਂ ਦੇ ਨਿਰਮਾਣ ਜਿਨ੍ਹਾਂ ਵਿੱਚੋਂ ਤਿੰਨ ਪੁਲ ਸੇਤੂ ਬੰਧਨ ਅਧੀਨ ਹਨ, ਵਾਸਤੇ ਸੀ.ਆਰ.ਐੱਫ. ਦੇ ਤਹਿਤ 190 ਕਰੋੜ ਰੁਪਏ।

iv. **ਪੇਂਡੂ ਸੰਪਰਕ ਨੂੰ ਮਜ਼ਬੂਤ ਕਰਨਾ:** ਪੀ.ਐੱਮ.ਜੀ.ਐੱਸ.ਵਾਈ-III ਦੇ ਤਹਿਤ 1,300 ਕਿਲੋਮੀਟਰ ਪੇਂਡੂ ਸੜਕਾਂ ਦੇ ਨਵੀਨੀਕਰਨ ਲਈ 600 ਕਰੋੜ ਰੁਪਏ।

## ਜਲ ਸਪਲਾਈ ਅਤੇ ਸੈਨੀਟੇਸ਼ਨ

96. ਮੈਂ ਵਿੱਤੀ ਸਾਲ 2025-26 ਵਿੱਚ ਸਤਹੀ-ਪਾਣੀ ਅਧਾਰਤ ਯੋਜਨਾਵਾਂ ਨੂੰ ਤੇਜ਼ੀ ਨਾਲ ਲਾਗੂ ਕਰਨ, ਪੁਰਾਣੇ ਬੁਨਿਆਦੀ ਢਾਂਚੇ ਦੇ ਪੁਨਰਵਾਸ ਅਤੇ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਦੇ ਤਹਿਤ ਪੇਂਡੂ ਸੈਨੀਟੇਸ਼ਨ/ਸਫਾਈ ਨੂੰ ਮਜ਼ਬੂਤ ਕਰਨ ਲਈ 1,614 ਕਰੋੜ ਰੁਪਏ ਦੇ ਬਜਟ ਖਰਚ ਦੀ ਤਜਵੀਜ਼ ਰੱਖਦਾ ਹਾਂ। ਇਸ ਵਿੱਚ ਰਾਜ ਦੇ 176 ਪਿੰਡਾਂ ਵਿੱਚ ਪਾਈਪਲਾਇਨ ਜਲ ਸਪਲਾਈ ਨੂੰ ਅੱਪਗ੍ਰੇਡ/ਪ੍ਰਦਾਨ ਕਰਨ ਅਤੇ ਸਾਫ਼ ਅਤੇ ਸ਼ੁੱਧ ਪਾਣੀ ਮੁਹਈਆ ਕਰਾਉਣ ਦੀ ਵਿਵਸਥਾ ਸ਼ਾਮਲ ਹੈ।

## ਜਲ ਸਰੋਤ

97. ਰਾਵੀ ਨਦੀ 'ਤੇ ਬਣ ਰਿਹਾ ਸ਼ਾਹਪੁਰ ਕੰਢੀ ਡੈਮ ਪ੍ਰੋਜੈਕਟ ਦਾ ਕਾਰਜ ਲਗਾਤਾਰ ਅੱਗੇ ਵਧ ਰਿਹਾ ਹੈ ਅਤੇ ਮੁੱਖ ਡੈਮ ਦਾ ਨਿਰਮਾਣ ਹੁਣ ਪੂਰਾ ਹੋ ਗਿਆ ਹੈ। ਹੁਣ ਤੱਕ ਖਰਚ ਕੀਤੇ ਗਏ 2,604 ਕਰੋੜ ਰੁਪਏ ਦੇ ਨਿਵੇਸ਼ ਨਾਲ, ਇਹ ਪ੍ਰੋਜੈਕਟ 1,042 ਮਿਲੀਅਨ ਯੂਨਿਟ ਪਣ-ਬਿਜਲੀ ਪੈਦਾ ਕਰੇਗਾ ਅਤੇ ਅੰਮ੍ਰਿਤਸਰ ਵਿਚਲੀ ਅਪਰ ਬਾਰੀ ਦੁਆਬ ਨਹਿਰ (ਯੂ.ਬੀ.ਡੀ.ਸੀ), ਗੁਰਦਾਸਪੁਰ, ਤਰਨਤਾਰਨ ਅਤੇ ਪਠਾਨਕੋਟ ਵਿੱਚ 1.55 ਲੱਖ ਹੈਕਟੇਅਰ ਵਿੱਚ ਸਿੰਚਾਈ ਦੀ ਸੁਵਿਧਾ ਨੂੰ ਵਧਾਏਗਾ। ਇਸ ਤੋਂ ਇਲਾਵਾ, ਜਲ ਪ੍ਰਬੰਧਨ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਜਲੰਧਰ ਵਿੱਚ 34 ਕਰੋੜ ਰੁਪਏ ਦੀ ਲਾਗਤ ਵਾਲਾ ਕਾਲਾ ਸਿੰਘਾ ਡਰੇਨ ਲਾਈਨਿੰਗ ਪ੍ਰੋਜੈਕਟ ਚੱਲ ਰਿਹਾ ਹੈ।

98. ਵਿੱਤੀ ਸਾਲ 2025-26 ਦੌਰਾਨ, ਅਸੀਂ ਰੂਪਨਗਰ, ਐੱਸ.ਬੀ.ਐੱਸ ਨਗਰ, ਹੁਸ਼ਿਆਰਪੁਰ, ਐੱਸ.ਏ.ਐੱਸ ਨਗਰ ਅਤੇ ਪਠਾਨਕੋਟ ਵਿੱਚ 40 ਡੂੰਘੇ ਟਿਊਬਵੈੱਲ ਅਤੇ ਸਤਲੁਜ, ਬਿਆਸ ਅਤੇ ਰਾਵੀ ਨਦੀਆਂ ਦੇ ਨੇੜੇ 167 ਛੋਟੇ ਟਿਊਬਵੈੱਲ ਲਗਾਉਣ ਦਾ ਪ੍ਰਸਤਾਵ ਰੱਖਦੇ ਹਾਂ। ਇਹ ਪਹਿਲਕਦਮੀਆਂ 85 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ 7,877 ਹੈਕਟੇਅਰ ਖੇਤੀਬਾੜੀ ਜ਼ਮੀਨ ਵਿੱਚ ਸਿੰਚਾਈ ਨੂੰ ਵਧਾਉਣਗੀਆਂ, ਜਿਸ ਨਾਲ ਪਾਣੀ ਦੀ ਘਾਟ ਵਾਲੇ ਖੇਤਰਾਂ ਵਿੱਚ ਕਿਸਾਨਾਂ ਲਈ ਪਾਣੀ ਦੀ ਬਿਹਤਰ ਉਪਲਬਧਤਾ ਯਕੀਨੀ ਬਣਾਈ ਜਾਵੇਗੀ।

99. ਅੰਤਿਮ-ਮੀਲ ਤੱਕ ਕੁਨੈਕਟੀਵਿਟੀ ਨੂੰ ਯਕੀਨੀ ਬਣਾਉਣ ਅਤੇ ਨਹਿਰੀ ਸਿੰਚਾਈ ਦਾ ਵਿਸਥਾਰ ਕਰਨ ਲਈ, ਸਰਕਾਰ ਨੇ ਰਾਜ ਭਰ ਵਿੱਚ ਜਲ ਮਾਰਗਾਂ ਦੀ ਲਾਈਨਿੰਗ ਅਤੇ ਨਵ-ਸੁਰਜੀਤੀ ਨੂੰ ਤਰਜੀਹ ਦਿੱਤੀ ਹੈ। ਵਿੱਤੀ ਸਾਲ 2025-26 ਵਿੱਚ, 315 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਇਹਨਾਂ ਪ੍ਰੋਜੈਕਟਾਂ ਦੇ ਤਹਿਤ 63,000 ਹੈਕਟੇਅਰ ਰਕਬੇ ਨੂੰ ਕਵਰ

ਕੀਤਾ ਜਾਵੇਗਾ, ਜਿਸ ਵਿੱਚ ਜ਼ਮੀਨਦੋਜ਼ ਪਾਈਪ-ਲਾਈਨਾਂ ਵਿਛਾਉਣਾ ਵੀ ਸ਼ਾਮਲ ਹੈ।

100. ਧਰਤੀ ਹੇਠਲੇ ਪਾਣੀ ਦੀ ਨਿਕਾਸੀ 166% ਦੀ ਚਿੰਤਾਜਨਕ ਦਰ 'ਤੇ ਅਤੇ 153 ਵਿੱਚੋਂ 117 ਬਲਾਕਾਂ ਵਿਚ ਜ਼ਿਆਦਾ ਵਰਤੋਂ ਨਾਲ, ਪੰਜਾਬ ਗੰਭੀਰ ਜਲ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਇਸ ਨੂੰ ਹੱਲ ਕਰਨ ਲਈ, ਸਰਕਾਰ ਨੇ ਪਹਿਲਾਂ ਤੋਂ ਵਾਂਝੇ ਖੇਤਰਾਂ ਵਿੱਚ ਨਹਿਰੀ ਸਿੰਚਾਈ ਦਾ ਵਿਸਥਾਰ ਕਰਨ ਲਈ 8,227 ਕਰੋੜ ਰੁਪਏ ਦੇ ਸਤਹੀ ਜਲ ਪ੍ਰੋਜੈਕਟਾਂ ਦੀ ਪਛਾਣ ਕੀਤੀ ਹੈ। ਟਿਕਾਊ ਜਲ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਇਨ੍ਹਾਂ ਪ੍ਰੋਜੈਕਟਾਂ ਨੂੰ ਪੜਾਅਵਾਰ ਢੰਗ ਨਾਲ ਲਾਗੂ ਕੀਤਾ ਜਾਵੇਗਾ।

101. ਮਾਣਯੋਗ ਸਪੀਕਰ ਜੀ, ਵਿੱਤੀ ਸਾਲ 2025-26 ਵਿੱਚ, ਨਵੇਂ ਪ੍ਰੋਜੈਕਟਾਂ ਲਈ 723 ਕਰੋੜ ਰੁਪਏ ਦੇ ਉਪਬੰਧ ਦੀ ਤਜਵੀਜ਼ ਹੈ, ਜਿਸ ਵਿਚ ਸਿੰਚਾਈ ਕੁਸ਼ਲਤਾ ਨੂੰ ਵਧਾਉਣ ਲਈ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜਲ ਮਾਰਗਾਂ ਦੀ ਉਸਾਰੀ, ਪੁਨਰ ਨਿਰਮਾਣ, ਬਹਾਲੀ ਅਤੇ ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਉਣਾ ਸ਼ਾਮਲ ਹੈ। ਇਸ ਖੇਤਰ ਲਈ, ਮੈਂ ਕੁੱਲ 3246 ਕਰੋੜ ਰੁਪਏ ਦੇ ਬਜਟ ਦੀ ਅਲਾਟਮੈਂਟ ਦਾ ਪ੍ਰਸਤਾਵ ਰੱਖਦਾ ਹਾਂ, ਜਿਸ ਵਿੱਚ ਚੱਲ ਰਹੇ ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ 1343 ਕਰੋੜ ਰੁਪਏ ਸ਼ਾਮਲ ਹਨ, ਜੋ ਮਹੱਤਵਪੂਰਨ ਜਲ ਬੁਨਿਆਦੀ ਢਾਂਚਾ ਪਹਿਲਕਦਮੀਆਂ ਦੀ ਨਿਰੰਤਰ ਪ੍ਰਗਤੀ ਨੂੰ ਯਕੀਨੀ ਬਣਾਉਂਦਾ ਹੈ।

## ਮਾਈਨਿੰਗ

102. ਸਪੀਕਰ ਸਾਹਿਬ, ਆਪਣੇ ਵਾਅਦੇ ਨੂੰ ਪੂਰਾ ਕਰਦੇ ਹੋਏ, ਅਸੀਂ 74 ਜਨਤਕ ਮਾਈਨਿੰਗ ਸਾਈਟਾਂ ਨੂੰ ਚਾਲੂ ਕੀਤਾ ਹੈ, 91.21 ਲੱਖ ਮੀਟ੍ਰਿਕ ਟਨ ਸਮੱਗਰੀ ਵੇਚੀ ਹੈ ਅਤੇ ਵਪਾਰਕ ਮਾਈਨਿੰਗ ਸਾਈਟ ਨਿਲਾਮੀ ਦੇ ਤਹਿਤ 39 ਕਲੱਸਟਰਾਂ ਨੂੰ ਸਫਲਤਾਪੂਰਵਕ ਅਲਾਟ ਕਰ ਕੇ

ਟਿਕਾਊ ਅਤੇ ਨਿਯੰਤ੍ਰਿਤ ਵਿਕਾਸ ਨੂੰ ਉਤਸ਼ਾਹਿਤ ਕੀਤਾ ਹੈ।

103. ਗ਼ੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਅਤੇ ਨਿਗਰਾਨੀ ਨੂੰ ਵਧਾਉਣ ਲਈ, ਸਰਕਾਰ ਨੇ ਸਾਰੇ ਖਣਿਜ ਢੋਣ ਵਾਲੇ ਵਾਹਨਾਂ ਵਿੱਚ ਜੀ.ਪੀ.ਐੱਸ. ਲਗਾਉਣਾ ਲਾਜ਼ਮੀ ਕਰ ਦਿੱਤਾ ਹੈ ਅਤੇ ਚਾਰ ਕੰਪਨੀਆਂ ਨੂੰ ਪ੍ਰਤੀਯੋਗੀ ਦਰਾਂ 'ਤੇ ਲਾਗੂ ਕਰਨ ਲਈ ਸੂਚੀਬੱਧ ਕੀਤਾ ਹੈ। ਇਸ ਤੋਂ ਇਲਾਵਾ, ਫੋਟੋ ਅਤੇ ਵੀਡੀਓ ਸਬੂਤਾਂ ਦੇ ਨਾਲ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਦੀ ਰੀਅਲ-ਟਾਈਮ ਰਿਪੋਰਟਿੰਗ ਵਾਲਾ ਐਪ ਲਾਂਚ ਕੀਤਾ ਗਿਆ ਹੈ। ਪ੍ਰਤੀਯੋਗੀ ਦਰਾਂ 'ਤੇ ਮਾਈਨਿੰਗ ਸਮੱਗਰੀ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਸਰਵੇਖਣ ਰਿਪੋਰਟਾਂ (DSRs) ਵਿੱਚ ਹੋਰ ਸਾਈਟਾਂ ਨੂੰ ਸ਼ਾਮਲ ਕਰਨ ਲਈ ਵੀ ਯਤਨ ਜਾਰੀ ਹਨ।

## ਮਾਲੀਆ ਵਾਧਾ ਅਤੇ ਪੂੰਜੀ ਸਿਰਜਣ

ਸਪੀਕਰ ਸਾਹਿਬ,

104. ਵਿੱਤੀ ਸਾਲ 2025-26 ਵਿੱਚ ਕੁੱਲ ਮਾਲੀਆ ਪ੍ਰਾਪਤੀਆਂ 1,11,740 ਕਰੋੜ ਰੁਪਏ ਹੋਣ ਦਾ ਅਨੁਮਾਨ ਲਗਾਇਆ ਗਿਆ ਹੈ, ਜਿਸ ਵਿੱਚੋਂ ਆਪਣਾ ਟੈਕਸ ਮਾਲੀਆ 63,250 ਕਰੋੜ ਰੁਪਏ ਹੈ। ਇਸ ਤੋਂ ਇਲਾਵਾ, ਵਿੱਤੀ ਸਾਲ 2025-26 ਵਿੱਚ ਕੇਂਦਰੀ ਟੈਕਸਾਂ ਦਾ ਹਿੱਸਾ 25,703 ਕਰੋੜ ਰੁਪਏ ਅਤੇ ਕੇਂਦਰ ਤੋਂ ਗ੍ਰਾਂਟ-ਇਨ-ਏਡ 10,576 ਕਰੋੜ ਰੁਪਏ ਨਿਰਧਾਰਤ ਕੀਤਾ ਗਿਆ ਹੈ।

105. ਮੈਨੂੰ ਆਬਕਾਰੀ ਅਤੇ ਕਰ ਵਿਭਾਗ ਦੀ ਪਿਛਲੇ ਤਿੰਨ ਸਾਲਾਂ ਤੋਂ ਨਿਗਰਾਨੀ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਮੈਨੂੰ ਇਹ ਦੱਸਦਿਆਂ ਮਾਣ ਮਹਿਸੂਸ ਹੋ ਰਿਹਾ ਹੈ ਕਿ ਵਿਭਾਗ ਨੇ ਸ਼ਾਨਦਾਰ ਤਰੱਕੀ ਕੀਤੀ ਹੈ। ਜਦੋਂ ਸਾਡੀ ਸਰਕਾਰ ਆਈ ਤਦ ਵਿੱਤੀ ਸਾਲ 2021-22 ਵਿੱਚ ਆਬਕਾਰੀ ਮਾਲੀਆ 6,254 ਕਰੋੜ ਰੁਪਏ ਸੀ, ਜੋ ਮੌਜੂਦਾ ਵਿੱਤੀ ਸਾਲ ਵਿੱਚ ਵਧ ਕੇ 10,350 ਕਰੋੜ ਰੁਪਏ ਹੋ

ਗਿਆ ਹੈ, ਜੋ 63% ਦੇ ਸ਼ਾਨਦਾਰ ਵਾਧੇ ਨੂੰ ਦਰਸਾਉਂਦਾ ਹੈ। ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਬਹੁਪੱਖੀ ਅਗਵਾਈ ਅਤੇ ਸਾਡੀ ਪਾਰਟੀ ਦਾ ਇਮਾਨਦਾਰ ਰਾਜ ਪ੍ਰਬੰਧ ਇਸ ਮਹੱਤਵਪੂਰਨ ਤਰੱਕੀ ਦਾ ਪ੍ਰਮਾਣ ਹੈ। ਅੱਗੇ ਦੇਖਦੇ ਹੋਏ ਅਸੀਂ ਅਗਲੇ ਵਿੱਤੀ ਸਾਲ ਲਈ 11,200 ਕਰੋੜ ਰੁਪਏ ਦਾ ਵੱਡਾ, ਪ੍ਰੰਤੂ ਪ੍ਰਾਪਤੀਯੋਗ ਟੀਚਾ ਰੱਖਿਆ ਹੈ, ਜੋ ਨਿਰੰਤਰ ਵਿੱਤੀ ਮਜ਼ਬੂਤੀ ਅਤੇ ਆਰਥਿਕ ਵਿਕਾਸ ਨੂੰ ਯਕੀਨੀ ਬਣਾਉਂਦਾ ਹੈ।

106. ਇਹ ਮਾਲੀਆ ਵਧਾਉਣ ਦੇ ਤਰੀਕੇ ਸਿਰਫ਼ ਇੱਕ ਟੈਕਸ ਜਾਂ ਵਿਭਾਗ ਤੱਕ ਸੀਮਤ ਨਹੀਂ ਹਨ। ਸਾਡੇ ਜੀ.ਐੱਸ.ਟੀ. ਸੰਗ੍ਰਹਿ ਵਿੱਚ 62% ਦਾ ਵਾਧਾ ਹੋਣ ਦੀ ਉਮੀਦ ਹੈ, ਜੋ 15,542 ਕਰੋੜ ਰੁਪਏ (ਵਿੱਤੀ ਸਾਲ 2021-22) ਤੋਂ ਵੱਧ ਕੇ ਮੌਜੂਦਾ ਵਿੱਤੀ ਸਾਲ ਵਿੱਚ 25,200 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ। ਇਹ ਸ਼ਾਨਦਾਰ ਵਾਧਾ ਬਹੁ-ਪੱਖੀ ਰਣਨੀਤੀਆਂ ਦਾ ਨਤੀਜਾ ਹੈ, ਜਿਸ ਵਿੱਚ ਸੰਚਾਲਨ ਕੁਸ਼ਲਤਾ ਵਧਾਉਣ ਲਈ ਆਈ.ਆਈ.ਟੀ. ਹੈਦਰਾਬਾਦ ਨਾਲ ਸਾਡਾ ਸਹਿਯੋਗ, ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ (ਐੱਸ.ਆਈ.ਪੀ.ਯੂ.) ਅਤੇ ਟੈਕਸ ਇੰਟੈਲੀਜੈਂਸ ਯੂਨਿਟ ਦੀ ਮਜ਼ਬੂਤੀ, ਅਤੇ "ਬਿੱਲ ਲਿਆਓ, ਇਨਾਮ ਪਾਓ" ਵਰਗੀਆਂ ਨਾਗਰਿਕ-ਕੇਂਦ੍ਰਿਤ ਪਹਿਲਕਦਮੀਆਂ ਦੀ ਸ਼ੁਰੂਆਤ ਸ਼ਾਮਲ ਹੈ।

107. ਇਸ ਗਤੀ ਦੇ ਆਧਾਰ 'ਤੇ, ਅਸੀਂ ਅਗਲੇ ਵਿੱਤੀ ਸਾਲ ਲਈ 27,650 ਕਰੋੜ ਰੁਪਏ ਦੇ ਵੱਡੇ ਜੀ.ਐੱਸ.ਟੀ. ਸੰਗ੍ਰਹਿ ਦਾ ਟੀਚਾ ਰੱਖਿਆ ਹੈ ਜੋ ਹੁਣ ਤੱਕ ਦਾ ਸਭ ਤੋਂ ਵੱਧ ਅਨੁਮਾਨ ਹੈ। ਇਹ ਮਜ਼ਬੂਤ ਆਰਥਿਕ ਸ਼ਾਸਨ ਅਤੇ ਮਾਲੀਆ ਵਾਧੇ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

108. ਮਾਣਯੋਗ ਸਪੀਕਰ ਜੀ, ਸਾਡੀਆਂ ਟੈਕਸ ਨੀਤੀਆਂ ਕਾਰੋਬਾਰ-ਅਨੁਕੂਲ ਮਾਹੌਲ ਨੂੰ ਉਤਸ਼ਾਹਿਤ ਕਰਨ ਪ੍ਰਤੀ ਸਾਡੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਇਸ ਦੇ ਪ੍ਰਮਾਣ ਵਜੋਂ, ਸਾਡੀ ਸਰਕਾਰ ਨੇ ਵੈਟ ਦੀ ਪਰੰਪਰਿਕ ਪ੍ਰਣਾਲੀ ਦੇ ਤਹਿਤ ਬਕਾਏ ਦੇ ਨਿਪਟਾਰੇ ਲਈ ਯਕਮੁਸ਼ਤ

ਨਿਪਟਾਰਾ (OTS) ਨੀਤੀ ਪੇਸ਼ ਕੀਤੀ। ਹਿੱਤਧਾਰਕਾਂ ਨਾਲ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਤਿਆਰ ਕੀਤੀ ਗਈ ਇਸ ਯੋਜਨਾ ਨੂੰ ਉਦਯੋਗ ਤੋਂ ਭਾਰੀ ਹੁੰਗਾਰਾ ਮਿਲਿਆ ਹੈ। ਇਸ ਯੋਜਨਾ ਤਹਿਤ 70,311 ਡੀਲਰਾਂ ਨੂੰ ਬਕਾਇਆ ਟੈਕਸ ਦੇਣਦਾਰੀਆਂ ਵਿੱਚ 867 ਕਰੋੜ ਰੁਪਏ ਦੀ ਛੋਟ ਦਾ ਫਾਇਦਾ ਮਿਲਿਆ। ਇਸ ਤੋਂ ਇਲਾਵਾ, ਇਸ ਪਹਿਲਕਦਮੀ ਦੇ ਨਤੀਜੇ ਵਜੋਂ ਸਰਕਾਰੀ ਖਜ਼ਾਨੇ ਵਿੱਚ 164 ਕਰੋੜ ਰੁਪਏ ਦੀ ਸ਼ਾਨਦਾਰ ਵਸੂਲੀ ਹੋਈ ਹੈ। ਇਹ ਵਸੂਲੀ ਪਿਛਲੀ ਸਰਕਾਰ ਦੁਆਰਾ ਦੋ ਓ.ਟੀ.ਐਸ. ਸਕੀਮਾਂ ਰਾਹੀਂ ਇਕੱਠੇ ਕੀਤੇ ਗਏ ਸਿਰਫ਼ 13 ਕਰੋੜ ਰੁਪਏ ਤੋਂ ਕਿਤੇ ਵੱਧ ਹੈ। ਇਹ ਸਫਲਤਾ ਨਿਰਪੱਖ ਅਤੇ ਵਿਹਾਰਕ ਟੈਕਸ ਸੁਧਾਰਾਂ ਪ੍ਰਤੀ ਸਾਡੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ ਜੋ ਰਾਜ ਲਈ ਮਾਲੀਆ ਕੁਸ਼ਲਤਾ ਨੂੰ ਯਕੀਨੀ ਬਣਾਉਂਦੇ ਹੋਏ ਕਾਰੋਬਾਰਾਂ ਦਾ ਸਮਰਥਨ ਕਰਦੀਆਂ ਹਨ।

109. ਸਟੈਂਪ ਅਤੇ ਰਜਿਸਟ੍ਰੇਸ਼ਨ ਮਾਲੀਏ ਵਿੱਚ ਵੀ 87% ਦਾ ਪ੍ਰਭਾਵਸ਼ਾਲੀ ਵਾਧਾ ਹੋਇਆ ਹੈ, ਜੋ ਪਿਛਲੇ ਤਿੰਨ ਸਾਲਾਂ ਦੌਰਾਨ 3,308 ਕਰੋੜ ਰੁਪਏ ਤੋਂ ਵੱਧ ਕੇ 6,200 ਕਰੋੜ ਰੁਪਏ ਹੋਣ ਦੀ ਉਮੀਦ ਹੈ। ਅਗਲੇ ਵਿੱਤੀ ਸਾਲ ਲਈ, ਵਿਭਾਗ ਦਾ ਮਾਲੀਆ 7,000 ਕਰੋੜ ਰੁਪਏ ਤੱਕ ਪਹੁੰਚਣ ਦਾ ਅਨੁਮਾਨ ਹੈ, ਜੋ ਮੌਜੂਦਾ ਸਾਲ ਨਾਲੋਂ 13% ਵੱਧ ਹੈ। ਇਹ ਵਾਧਾ ਮਾਲੀਆ ਸਰੋਤਾਂ ਨੂੰ ਮਜ਼ਬੂਤ ਕਰਨ ਦੇ ਸਾਡੇ ਅਗਾਂਹ ਵਧੂ ਇਰਾਦੇ ਦੀ ਪੁਸ਼ਟੀ ਕਰਦਾ ਹੈ।

110. ਇਹਨਾਂ ਸਾਰੇ ਮਾਲੀਆ ਵਧਾਉਣ ਦੇ ਮਾਪਦੰਡਾਂ ਦੇ ਨਤੀਜੇ ਵਜੋਂ ਸਾਡਾ ਆਪਣਾ-ਟੈਕਸ ਮਾਲੀਆ ਵਿੱਤੀ ਸਾਲ 2021-22 ਵਿੱਚ 37,327 ਕਰੋੜ ਰੁਪਏ ਤੋਂ ਵਧ ਕੇ ਵਿੱਤੀ ਸਾਲ 2024-25 ਵਿੱਚ 57,919 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ ਯਾਨੀ ਕਿ ਸਾਡੀ ਸਰਕਾਰ ਦੇ ਸਿਰਫ਼ 3 ਸਾਲਾਂ ਵਿੱਚ 20,500 ਕਰੋੜ ਰੁਪਏ ਦਾ ਵਾਧਾ ਅਨੁਮਾਨਿਤ ਹੈ। ਅਗਲੇ ਵਿੱਤੀ ਸਾਲ ਲਈ ਇਹ 63,250 ਕਰੋੜ ਰੁਪਏ ਦਾ ਅੰਕੜਾ ਹੁਣ ਤੱਕ ਦੇ ਸਭ ਤੋਂ ਵੱਧ ਹੋਣ ਦਾ ਅਨੁਮਾਨ ਹੈ। ਇਸ ਮਾਲੀਏ ਵਿਚ ਵਾਧੇ ਦੇ ਨਤੀਜੇ ਵਜੋਂ ਅਗਲੇ ਸਾਲ ਵਿਚ ਰਾਜ ਦਾ ਕਰਜ਼ੇ-ਤੋਂ-ਜੀ.ਐਸ.ਡੀ.ਪੀ. ਅਨੁਪਾਤ 44.77% ਤੋਂ

ਘਟ ਕੇ 44.50% ਹੋਣ ਦਾ ਅਨੁਮਾਨ ਹੈ।

111. ਵਿੱਤ ਵਿਭਾਗ ਨੇ ਕੁਸ਼ਲਤਾ ਅਤੇ ਪਾਰਦਰਸ਼ਤਾ ਵਧਾਉਣ ਲਈ ਸਾਰਥਕ ਪੈਨਸ਼ਨ ਸੁਧਾਰ ਕੀਤੇ ਹਨ। ਇਸ ਸਬੰਧੀ "ਪੈਨਸ਼ਨ ਸੇਵਾ ਪੋਰਟਲ" ਦੀ ਸ਼ੁਰੂਆਤ ਇੱਕ ਅਹਿਮ ਮੀਲ ਪੱਥਰ ਹੈ ਜੋ ਪੈਨਸ਼ਨ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ 3 ਲੱਖ ਤੋਂ ਵੱਧ ਪੈਨਸ਼ਨਰਾਂ ਨੂੰ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ।

112. ਸਾਡੇ ਕਰਮਚਾਰੀ ਸਾਡੇ ਪ੍ਰਸ਼ਾਸਨ ਦੀ ਰੀੜ੍ਹ ਦੀ ਹੱਡੀ ਹਨ, ਅਤੇ ਉਨ੍ਹਾਂ ਦੀ ਭਲਾਈ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਪਿਛਲੀਆਂ ਸਰਕਾਰਾਂ ਦੇ ਉਲਟ, ਜਿਨ੍ਹਾਂ ਨੇ ਆਪਣੇ ਕਰਮਚਾਰੀਆਂ ਦੇ ਜਾਇਜ਼ ਬਕਾਏ ਵਿੱਚ ਦੇਰੀ ਕੀਤੀ, ਅਸੀਂ ਇਸ ਲੰਬਿਤ ਮੁੱਦੇ ਨੂੰ ਹੱਲ ਕਰਨ ਲਈ ਫੈਸਲਾਕੁਨ ਕਦਮ ਚੁੱਕੇ ਹਨ। ਅਸੀਂ ਕਰਮਚਾਰੀਆਂ ਦੇ 6ਵੇਂ ਪੰਜਾਬ ਪੇਅ ਕਮਿਸ਼ਨ ਦੇ ਬਕਾਏ 14,191 ਕਰੋੜ ਰੁਪਏ ਦਾ ਭੁਗਤਾਨ ਕਰਨ ਲਈ ਢਾਂਚਾਗਤ ਲਿਕਵੀਡੇਸ਼ਨ ਯੋਜਨਾ ਲਾਗੂ ਕੀਤੀ ਹੈ, ਜਿਸਦਾ ਸਿੱਧਾ ਲਾਭ ਸਾਡੇ 6 ਲੱਖ ਤੋਂ ਵੱਧ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਹੋਵੇਗਾ ਅਤੇ ਇਹ ਭੁਗਤਾਨ ਮੌਜੂਦਾ ਵਿੱਤੀ ਸਾਲ ਤੋਂ ਹੀ ਸ਼ੁਰੂ ਹੋ ਚੁੱਕੇ ਹਨ।। ਇਹ ਸਿਰਫ਼ ਵਿੱਤੀ ਵਾਅਦਾ ਨਹੀਂ ਹੈ ਸਗੋਂ ਉਨ੍ਹਾਂ ਦੀ ਅਨਮੋਲ ਸੇਵਾ ਦੀ ਮਾਨਤਾ ਹੈ।

113. ਮਾਣਯੋਗ ਸਪੀਕਰ ਸਾਹਿਬ, ਪਿਛਲੇ ਕਾਂਗਰਸ ਸ਼ਾਸਨ ਦੇ ਆਖਰੀ ਪੰਜ ਸਾਲਾਂ ਦੌਰਾਨ ਅਸਲ ਔਸਤ ਸਾਲਾਨਾ ਪੂੰਜੀਗਤ ਖਰਚਾ ਸਿਰਫ਼ 3,800 ਕਰੋੜ ਰੁਪਏ ਸੀ ਜੋ ਬਹੁਤ ਹੀ ਛੋਟਾ ਅੰਕੜਾ ਹੈ ਅਤੇ ਇਸ ਕਾਰਨ ਲੰਬੇ ਸਮੇਂ ਦੇ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਰੁਕਾਵਟ ਪਾਉਂਦਾ ਹੈ। ਇਸ ਅਣਗਹਿਲੀ ਦੇ ਸਥਾਈ ਦੁਸ਼ਪ੍ਰਭਾਵ ਸਨ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਤਰੱਕੀ ਨੂੰ ਹੌਲੀ ਅਤੇ ਮੌਕਿਆਂ ਨੂੰ ਸੀਮਤ ਕਰਦੇ ਸਨ। ਸਾਡੀ ਸਰਕਾਰ ਨਿਰਣਾਇਕ ਕਾਰਵਾਈ ਰਾਹੀਂ ਇਸ ਰੁਝਾਨ ਨੂੰ ਉਲਟਾਉਣ ਲਈ ਵਚਨਬੱਧ ਹੈ। ਅਗਲੇ ਵਿੱਤੀ

ਸਾਲ ਲਈ, ਮੈਂ ਪੂੰਜੀਗਤ ਖਰਚੇ ਲਈ 10,302 ਕਰੋੜ ਰੁਪਏ ਰਾਖਵੇਂ ਕੀਤੇ ਹਨ, ਜੋ ਮੌਜੂਦਾ ਸਾਲ ਦੇ 8,347 ਕਰੋੜ ਰੁਪਏ ਨਾਲੋਂ ਇੱਕ ਵੱਡਾ ਵਾਧਾ ਹੈ। ਇਹ ਵੱਡੀ ਤਜਵੀਜ਼ ਮਜ਼ਬੂਤ ਬੁਨਿਆਦੀ ਢਾਂਚੇ ਅਤੇ ਲੰਬੇ ਸਮੇਂ ਦੀਆਂ ਸੰਪਤੀਆਂ ਦੀ ਸਿਰਜਣਾ ਸਾਡੇ ਸਮਰਪਣ ਨੂੰ ਦਰਸਾਉਂਦੀ ਹੈ ਜੋ ਆਰਥਿਕ ਵਿਕਾਸ ਨੂੰ ਅੱਗੇ ਵਧਾਉਣਗੇ ਅਤੇ ਸਾਡੇ ਰਾਜ ਲਈ ਖੁਸ਼ਹਾਲ ਭਵਿੱਖ ਨੂੰ ਯਕੀਨੀ ਬਣਾਉਣਗੇ।

## ਸਿੱਟਾ

ਮਾਣਯੋਗ ਸਪੀਕਰ ਸਾਹਿਬ,

114. ਇਸ ਦ੍ਰਿੜ੍ਹ ਵਿਸ਼ਵਾਸ ਨਾਲ ਕਿ ਇਹ "ਬਦਲਦਾ ਪੰਜਾਬ" ਬਜਟ ਖੁਸ਼ਹਾਲ ਅਤੇ ਸਵੈ-ਨਿਰਭਰ ਪੰਜਾਬ ਦੀ ਨੀਂਹ ਨੂੰ ਹੋਰ ਮਜ਼ਬੂਤ ਕਰੇਗਾ, ਮੈਂ ਸਾਡੇ ਰਾਸ਼ਟਰੀ ਕਨਵੀਨਰ ਦੀ ਦੂਰਅੰਦੇਸ਼ੀ ਅਗਵਾਈ ਅਤੇ ਸਾਡੇ ਮਾਣਯੋਗ ਮੁੱਖ ਮੰਤਰੀ, ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਬਹੁਪੱਖੀ ਲੀਡਰਸ਼ਿਪ ਲਈ ਦਿਲੋਂ ਧੰਨਵਾਦ ਪ੍ਰਗਟ ਕਰਨਾ ਚਾਹਾਂਗਾ, ਜਿਨ੍ਹਾਂ ਦੀ ਦ੍ਰਿੜ੍ਹ ਵਚਨਬੱਧਤਾ ਨੇ ਪ੍ਰਗਤੀਸ਼ੀਲ ਤਬਦੀਲੀ ਦੀ ਇਸ ਲਹਿਰ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

115. ਮੈਂ ਇਸ ਮੌਕੇ ਵਿੱਤ ਅਤੇ ਯੋਜਨਾ ਵਿਭਾਗਾਂ ਦੇ ਸਮਰਪਿਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਦਿਲੋਂ ਸ਼ਲਾਘਾ ਕਰਨੀ ਚਾਹਾਂਗਾ, ਜਿਨ੍ਹਾਂ ਦੇ ਅਣਥੱਕ ਯਤਨਾਂ ਨੇ ਇਸ ਵਿਆਪਕ ਅਤੇ ਅਗਾਂਹਵਧੂ ਬਜਟ ਨੂੰ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

116. ਮੈਂ ਹੁਣ ਇਸ ਸਤਿਕਾਰਯੋਗ ਸਦਨ ਵਿੱਚ, ਵਿੱਤੀ ਸਾਲ 2025-26 ਲਈ ਬਜਟ ਪ੍ਰਸਤਾਵਾਂ ਨੂੰ ਪ੍ਰਵਾਨਗੀ ਲਈ ਨਿਮਰਤਾ ਸਹਿਤ ਪੇਸ਼ ਕਰਦਾ ਹਾਂ।

## ਜੈ ਹਿੰਦ